ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 13 ਅਕਤੂਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੮ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਲੁਧਿਆਣਾ ਕੇਂਦਰੀ ਜੇਲ੍ਹ ਦਾ ਸਹਾਇਕ ਸੁਪਰਡੈਂਟ ਗ੍ਰਿਫ਼ਤਾਰ

**ਲੁਧਿਆਣਾ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਤੋਂ ਹੈਰਾਨ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਦਰਅਸਲ ਲੁਧਿਆਣਾ ਜੇਲ੍ਹ ਦੇ ਸਹਾਇਕ ਸੁਪਰਡੈਂਟ ਸੁਖਵਿੰਦਰ ਸਿੰਘ ਨੂੰ ਨਸ਼ੀਲੇ ਪਦਾਰਥਾਂ ਦੇ ਕੇਸ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ। ਮਿਲੀ ਜਾਣਕਾਰੀ ਮੁਤਾਬਕ ਸੁਖਵਿੰਦਰ ਸਿੰਘ 'ਤੇ ਦੋ ਅੰਡਰਟਰਾਇਲ ਕੈਦੀਆਂ ਨਾਲ ਮਿਲ ਕੇ ਐੱਲ. ਈ. ਡੀ. ਲਾਈਟਾਂ ਦੇ ਅੰਦਰ ਨਸ਼ੀਲੇ ਪਦਾਰਥ ਛੁਪਾਉਣ ਦੀ ਸਾਜ਼ਿਸ਼ ਰਚਣ ਦੇ ਦੋਸ਼ ਲੱਗੇ ਹਨ। ਦਰਅਸਲ ਇਹ ਮਾਮਲਾ ਉਸ ਵੇਲੇ ਸਾਹਮਣੇ ਆਇਆ ਜਦੋਂ ਡੀ. ਐੱਸ. ਪੀ. ਸੁਰੱਖਿਆ ਜਗਜੀਤ ਸਿੰਘ ਨੇ ਜੇਲ੍ਹ ਵਿੱਚ ਅਚਾਨਕ ਨਿਰੀਖਣ ਕੀਤਾ। ਜਾਂਚ ਦੌਰਾਨ ਐੱਲ. ਈ. ਡੀ. ਦੀ ਟੇਪ ਹੇਠ ਪੁਲਸ ਨੇ 84 ਗ੍ਰਾਮ ਨਸ਼ੀਲੇ ਪਦਾਰਥ, 121 ਗ੍ਰਾਮ ਕਾਲੇ ਰੰਗ ਦੇ ਨਸ਼ੀਲੇ ਪਦਾਰਥ ਅਤੇ 10 ਮੋਬਾਇਲ ਫ਼ੋਨ ਬਰਾਮਦ ਕੀਤੇ।। ਜਾਂਚ ਦੌਰਾਨ ਖੁਲਾਸਾ ਹੋਇਆ ਕਿ ਇਹ ਸਾਰਾ ਨਸ਼ਾ ਅੰਡਰਟਰਾਇਲ ਕੈਦੀਆਂ ਦੀਪਕ ਅਤੇ ਫਿਰੋਜ਼ਦੀਨ ਦਾ ਸੀ, ਜੋ ਸਹਾਇਕ ਜੇਲ੍ਹ ਸੁਪਰਡੈਂਟ ਸੁਖਵਿੰਦਰ ਸਿੰਘ ਦੀ ਮਿਲੀਭੁਗਤ ਨਾਲ ਇਹ ਸਾਰਾ ਜਾਲ ਚਲਾ ਰਹੇ ਸਨ। ਜੇਲ੍ਹ ਪ੍ਰਸ਼ਾਸਨ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਤਿੰਨਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਹੁਣ ਪੁਲਸ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਇਸ ਗੈਰ-ਕਾਨੂੰਨੀ ਕੰਮ ਵਿੱਚ ਹੋਰ ਜੇਲ੍ਹ ਅਧਿਕਾਰੀ ਵੀ ਸ਼ਾਮਲ ਸਨ।

### ਕੰਧਾਰ ਤੇ ਹੋਰ ਸ਼ਹਿਰਾਂ ਵਿੱਚ ਸੁੱਟੇ ਗਏ ਬੰਬ, ਡਰੋਨਾਂ ਨਾਲ ਵੀ ਕੀਤਾ ਹਮਲਾ

# ਪਾਕਿਸਤਾਨ ਨੇ ਛੇੜੀ ਸਿੱਧੀ ਜੰਗ !

**ਕੰਧਾਰ/ਇਸਲਾਮਾਬਾਦ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਅਫਗਾਨਿਸਤਾਨ ਦੇ ਕੰਧਾਰ ਸੂਬੇ ਦੇ ਸਪਿਨ ਬੋਲਦਕ ਖੇਤਰ ਵਿੱਚ ਪਾਕਿਸਤਾਨੀ ਡਰੋਨ ਹਮਲੇ ਦੀਆਂ ਰਿਪੋਰਟਾਂ ਸਾਹਮਣੇ ਆਈਆਂ ਹਨ। ਮੀਡੀਆ ਰਿਪੋਰਟਾਂ ਦੇ ਅਨੁਸਾਰ, ਮੰਨਿਆ ਜਾ ਰਿਹਾ ਹੈ ਕਿ ਇਨ੍ਹਾਂ ਹਮਲਿਆਂ ਵਿੱਚ ਅਫਗਾਨਿਸਤਾਨ ਵਿੱਚ ਤਹਿਰੀਕ-ਏ-ਤਾਲਿਬਾਨ ਪਾਕਿਸਤਾਨ (TTP) ਦੇ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਹਾਲਾਂਕਿ, ਇਨ੍ਹਾਂ ਹਮਲਿਆਂ ਦੀ ਅਜੇ ਤੱਕ ਸੁਤੰਤਰ ਤੌਰ 'ਤੇ ਪੁਸ਼ਟੀ ਨਹੀਂ ਹੋਈ ਹੈ ਤੇ ਅਫਗਾਨ ਤਾਲਿਬਾਨ ਸਰਕਾਰ ਨੇ ਇਸ ਘਟਨਾ 'ਤੇ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਹੈ। ਕਈ ਸੂਤਰਾਂ ਦੇ ਅਨੁਸਾਰ, ਪਾਕਿਸਤਾਨ ਨੇ ਹਾਲ ਹੀ ਵਿੱਚ ਅਫਗਾਨਿਸਤਾਨ ਦੀਆਂ ਸਰਹੱਦਾਂ ਦੇ ਅੰਦਰ ਡਰੋਨ ਅਤੇ ਮਿਜ਼ਾਈਲ ਹਮਲੇ ਕੀਤੇ ਹਨ, ਜਿਸ ਵਿੱਚ ਟੀਟੀਪੀ ਦੇ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਪਾਕਿਸਤਾਨ ਦਾ ਦੋਸ਼ ਹੈ ਕਿ ਅਫਗਾਨ ਤਾਲਿਬਾਨ ਟੀਟੀਪੀ ਲੜਾਕਿਆਂ ਨੂੰ ਪਨਾਹ ਦਿੰਦਾ ਹੈ ਜੋ ਪਾਕਿਸਤਾਨ ਵਿੱਚ ਅੱਤਵਾਦੀ ਹਮਲੇ ਕਰਦੇ ਹਨ। 10 ਅਕਤੂਬਰ ਨੂੰ ਕਾਬੁਲ ਵਿੱਚ ਵੀ ਕਈ ਧਮਾਕੇ ਹੋਏ, ਜਿਨ੍ਹਾਂ ਬਾਰੇ ਕੁਝ ਰਿਪੋਰਟਾਂ ਅਨੁਸਾਰ ਇਹ ਪਾਕਿਸਤਾਨੀ ਹਵਾਈ ਹਮਲਿਆਂ ਨਾਲ ਜੁੜੇ ਹੋ ਸਕਦੇ ਹਨ। ਇਨ੍ਹਾਂ ਘਟਨਾਵਾਂ ਨੂੰ ਦੋਵਾਂ ਦੇਸ਼ਾਂ ਵਿਚਕਾਰ ਹਾਲ ਹੀ ਵਿੱਚ ਵਧੇ ਤਣਾਅ ਦੇ ਪ੍ਰਤੀਬਿੰਬ ਵਜੋਂ ਦੇਖਿਆ ਜਾ ਰਿਹਾ ਹੈ। ਤਾਲਿਬਾਨ ਪ੍ਰਸ਼ਾਸਨ ਨੇ ਸਪਿਨ ਬੋਲਡਕ ਵਿੱਚ ਹੋਏ ਕਥਿਤ ਹਮਲੇ 'ਤੇ ਅਜੇ ਤੱਕ ਜਨਤਕ ਤੌਰ 'ਤੇ ਕੋਈ ਟਿੱਪਣੀ ਨਹੀਂ ਕੀਤੀ ਹੈ। ਹਾਲਾਂਕਿ, ਅਗਸਤ ਵਿੱਚ ਨੰਗਰਹਾਰ ਤੇ ਖੋਸਤ ਵਿੱਚ ਹੋਏ ਕਥਿਤ ਪਾਕਿਸਤਾਨੀ ਹਮਲਿਆਂ ਤੋਂ ਬਾਅਦ, ਤਾਲਿਬਾਨ ਸਰਕਾਰ ਨੇ ਇਸਲਾਮਾਬਾਦ ਦੇ ਰਾਜਦੂਤ ਨੂੰ ਤਲਬ ਕੀਤਾ ਅਤੇ ਹਵਾਈ ਖੇਤਰ ਦੀ ਉਲੰਘਣਾ 'ਤੇ ਵਿਰੋਧ ਦਰਜ ਕਰਵਾਇਆ। ਸਪਿਨ ਬੋਲਦਕ ਸਰਹੱਦੀ ਖੇਤਰ, ਜੋ ਕਿ ਪਾਕਿਸਤਾਨ ਦੀ ਚਮਨ ਸਰਹੱਦ ਨਾਲ ਲੱਗਦਾ ਹੈ, 2021 ਵਿੱਚ ਤਾਲਿਬਾਨ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਲਗਾਤਾਰ ਵਿਵਾਦ ਦਾ ਕੇਂਦਰ ਰਿਹਾ ਹੈ। ਇੱਥੇ ਦੋਵਾਂ ਪਾਸਿਆਂ ਦੀਆਂ ਫੌਜਾਂ ਵਿਚਕਾਰ ਝੜਪਾਂ ਅਤੇ ਸਥਾਨਕ ਨਾਗਰਿਕਾਂ ਵੱਲੋਂ ਵਿਰੋਧ ਪ੍ਰਦਰਸ਼ਨਾਂ ਦੇ ਦਾਅਵੇ ਕੀਤੇ ਗਏ ਹਨ।



## ਪਾਕਿਸਤਾਨ ਦੇ ਸਾਹਮਣੇ ਕਿੰਨਾ ਚਿਰ ਟਿਕ ਸਕੇਗਾ ਅਫਗਾਨਿਸਤਾਨ ?

ਅਫਗਾਨਿਸਤਾਨ ਦਾ ਦਾਅਵਾ ਹੈ ਕਿ ਇਸ ਕਾਰਵਾਈ ਵਿੱਚ 12 ਪਾਕਿਸਤਾਨੀ ਸੈਨਿਕ ਮਾਰੇ ਗਏ ਅਤੇ ਪੰਜ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਅਫਗਾਨ ਸੈਨਿਕਾਂ ਨੇ ਪਾਕਿਸਤਾਨੀ ਹਥਿਆਰ ਵੀ ਜ਼ਬਤ ਕਰ ਲਏ ਅਤੇ ਇੱਕ ਸੈਨਿਕ ਦੀ ਲਾਸ਼ ਵੀ ਆਪਣੇ ਕਬਜ਼ੇ ਵਿੱਚ ਲੈ ਲਈ। ਪਾਕਿਸਤਾਨ ਨੇ ਜਵਾਬੀ ਕਾਰਵਾਈ ਕੀਤੀ, ਜਿਸ ਕਾਰਨ ਦੋਵਾਂ ਫੌਜਾਂ ਵਿਚਕਾਰ ਸਾਢੇ ਤਿੰਨ ਘੰਟੇ ਦੀ ਗੋਲੀਬਾਰੀ ਹੋਈ। ਇਹ ਸਵਾਲ ਅਜੇ ਵੀ ਬਣਿਆ ਹੋਇਆ ਹੈ ਕਿ ਤਾਲਿਬਾਨ ਲੜਾਕਿਆਂ ਕੋਲ ਕਿਹੜੇ ਹਥਿਆਰ ਹਨ ਅਤੇ ਉਹ ਪਾਕਿਸਤਾਨੀ ਫੌਜ ਦਾ ਕਿੰਨਾ ਸਮਾਂ ਸਾਹਮਣਾ ਕਰ ਸਕਣਗੇ। ਪਾਕਿਸਤਾਨ ਅਤੇ ਅਫਗਾਨਿਸਤਾਨ ਦੋਵੇਂ ਦੱਖਣੀ ਏਸ਼ੀਆਈ ਦੇਸ਼ ਹਨ ਜੋ ਲੰਬੇ ਸਮੇਂ ਤੋਂ ਗਰੀਬੀ, ਰਾਜਨੀਤਿਕ ਅਸਥਿਰਤਾ ਅਤੇ ਅੱਤਵਾਦ ਤੋਂ ਪੀੜਤ ਹਨ। ਦੋਵੇਂ ਦੇਸ਼ ਸਰਹੱਦਾਂ ਸਾਂਝੀਆਂ ਕਰਦੇ ਹਨ ਅਤੇ ਪਿਛਲੇ ਕੁਝ ਦਹਾਕਿਆਂ ਤੋਂ ਕਈ ਬਾਹਰੀ ਤਾਕਤਾਂ ਤੋਂ ਪ੍ਰਭਾਵਿਤ ਹੋਏ ਹਨ। ਜਦੋਂ ਕਿ ਪਾਕਿਸਤਾਨ 1947 ਤੋਂ ਇੱਕ ਸੁਤੰਤਰ ਦੇਸ਼ ਵਜੋਂ ਆਪਣੀਆਂ ਸਰਕਾਰਾਂ ਬਣਾ ਰਿਹਾ ਹੈ ਅਤੇ ਭੰਗ ਕਰ ਰਿਹਾ ਹੈ, ਅਫਗਾਨਿਸਤਾਨ ਵਿੱਚ, 2021 ਵਿੱਚ ਅਮਰੀਕੀ ਫੌਜਾਂ ਦੀ ਵਾਪਸੀ ਤੋਂ ਬਾਅਦ, ਤਾਲਿਬਾਨ ਨੇ ਸੱਤਾ 'ਤੇ ਕਬਜ਼ਾ ਕਰ ਲਿਆ ਅਤੇ ਇਸਲਾਮਿਕ ਅਮੀਰਾਤ ਦੀ ਸਥਾਪਨਾ ਕੀਤੀ। ਅਫਗਾਨਿਸਤਾਨ ਇਸ ਸਮੇਂ ਤਾਲਿਬਾਨ ਦੇ ਰਾਜ ਅਧੀਨ ਹੈ। 2022 ਤੱਕ, ਤਾਲਿਬਾਨ ਸਰਕਾਰ ਨੇ 110,000 ਸੈਨਿਕਾਂ ਦੀ ਇੱਕ ਰਾਸ਼ਟਰੀ ਫੋਰਸ ਵਿਕਸਤ ਕਰਨ ਦਾ ਟੀਚਾ ਰੱਖਿਆ ਸੀ, ਜੋ ਹੁਣ ਲਗਭਗ 200,000 ਤੱਕ ਪਹੁੰਚ ਗਿਆ ਹੈ। ਇਹਨਾਂ ਲੜਾਕਿਆਂ ਨੂੰ ਪਹਾੜੀ ਇਲਾਕਿਆਂ ਅਤੇ ਮੁਸ਼ਕਲ ਹਾਲਤਾਂ ਵਿੱਚ ਲੜਨ ਲਈ ਵਿਸ਼ੇਸ਼ ਤੌਰ 'ਤੇ ਸਿਖਲਾਈ ਦਿੱਤੀ ਜਾਂਦੀ ਹੈ। ਉਹ ਗੁਰੀਲਾ ਯੁੱਧ ਵਿੱਚ ਮਾਹਰ ਹਨ, ਭਾਵ ਉਹ ਇੱਕ ਨਿਯਮਤ ਫੌਜ ਦੇ ਉਲਟ, ਅਚਾਨਕ ਹਮਲੇ, ਚੋਰੀ ਹਮਲੇ ਅਤੇ ਤੇਜ਼ ਗਤੀ ਦੀਆਂ ਰਣਨੀਤੀਆਂ ਦੀ ਵਰਤੋਂ ਕਰਦੇ ਹਨ। ਅਫਗਾਨਿਸਤਾਨ ਦੀ ਸਭ ਤੋਂ ਵੱਡੀ ਕਮਜ਼ੋਰੀ ਇਸਦੀ ਤਕਨੀਕੀ ਘਾਟ ਹੈ। ਤਾਲਿਬਾਨ ਕੋਲ ਆਪਣੀ ਆਧੁਨਿਕ ਹਥਿਆਰ ਉਤਪਾਦਨ ਪ੍ਰਣਾਲੀ ਦੀ ਘਾਟ ਹੈ। ਉਨ੍ਹਾਂ ਕੋਲ ਜੋ ਹਥਿਆਰ ਹਨ ਉਹ ਜਾਂ ਤਾਂ ਅਮਰੀਕਾ ਦੁਆਰਾ ਪਿੱਛੇ ਛੱਡ ਦਿੱਤੇ ਗਏ ਹਨ ਜਾਂ ਪੁਰਾਣੇ ਰੂਸੀ ਅਤੇ ਸੋਵੀਅਤ ਯੁੱਗ ਦੇ ਹਥਿਆਰਾਂ ਤੋਂ ਵਿਰਾਸਤ ਵਿੱਚ ਮਿਲੇ ਹਨ। ਰਿਪੋਰਟਾਂ ਦੇ ਅਨੁਸਾਰ, ਅਫਗਾਨ ਫੌਜ ਕੋਲ ਸੈਂਕੜੇ ਅਮਰੀਕੀ ਅਤੇ ਰੂਸੀ ਟੈਂਕ ਹਨ, ਨਾਲ ਹੀ ਕੁਝ ਪੁਰਾਣੇ ਬਖਤਰਬੰਦ ਵਾਹਨ ਵੀ ਹਨ।

## ਤਰਨਤਾਰਨ ਪੁਲਿਸ ਅਤੇ ਗੈਂਗਸਟਰਾਂ ਵਿਚਾਲੇ ਐਨਕਾਊਂਟਰ , ਗੋਲੀ ਲੱਗਣ ਨਾਲ ਇਕ ਗੈਂਗਸਟਰ ਜ਼ਖ਼ਮੀ , ਉਸ ਦਾ ਦੂਜਾ ਸਾਥੀ ਫ਼ਰਾਰ



**ਤਰਨ-ਤਾਰਨ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਤਰਨਤਾਰਨ ਦੇ ਥਾਣਾ ਗੋਇੰਦਵਾਲ ਸਾਹਿਬ ਦੇ ਅਧੀਨ ਆਉਂਦੇ ਪਿੰਡ ਫ਼ਤਿਹਾਬਾਦ ਦੇ ਨੇੜੇ ਗੱਡੀ ਸਵਾਰ ਸੱਤਾ ਨੌਸ਼ਹਿਰਾ ਗੈਂਗ ਨਾਲ ਸਬੰਧਤ ਗੈਂਗਸਟਰਾਂ ਅਤੇ ਪੁਲਿਸ ਵਿਚਾਲੇ ਐਨਕਾਊਂਟਰ ਹੋਇਆ ਹੈ। ਐਨਕਾਉਂਟਰ 'ਚ ਲੱਤ ਵਿੱਚ ਗੋਲੀ ਲੱਗਣ ਨਾਲ ਇੱਕ ਗੈਂਗਸਟਰ ਜ਼ਖ਼ਮੀ ਹੋ ਗਿਆ ਹੈ ,ਜਦਕਿ ਗੱਡੀ ਚਲਾ ਲਿਆ ਉਸ ਦਾ ਸਾਥੀ ਮੌਕੇ 'ਤੇ ਫਰਾਰ ਹੋ ਗਿਆ ਹੈ। ਫੜੇ ਗਏ ਗਏ ਬਦਮਾਸ਼ ਦੀ ਪਹਿਚਾਣ ਗੁਰਸੇਵਕ ਸਿੰਘ ਬੰਬ ਵੱਜੋਂ ਹੋਈ ਹੈ। ਪੁਲਿਸ ਨੇ ਮੌਕੇ 'ਤੋਂ ਇੱਕ ਪਿਸਟਲ ਵੀ ਬਰਾਮਦ ਕੀਤਾ ਹੈ। ਮੌਕੇ ਦੀਆਂ ਤਸਵੀਰਾਂ ਵਿੱਚ ਜਗਾਂ -ਜਗਾਂ 'ਤੇ ਖਿਲਰੇ ਖਾਲੀ ਕਾਰਤੂਸਾਂ ਤੋਂ ਪਤਾ ਚੱਲਦਾ ਹੈ ਕਿ ਕਈ ਰੋਂਦ ਗੋਲੀ ਚੱਲੀ ਹੈ। ਮੌਕੇ 'ਤੇ ਪਹੁੰਚੇ ਐਸਐਸਪੀ ਡਾਕਟਰ ਰਵਜੋਤ ਕੌਰ ਗਰੇਵਾਲ ਨੇ ਦੱਸਿਆ ਕਿ ਪੁਲਿਸ ਵੱਲੋਂ ਫ਼ਤਿਹਾਬਾਦ ਕਸਬੇ ਦੇ ਨੇੜੇ ਬਾਬਾ ਡੰਡਿਆਂ ਵਾਲੇ ਨਜ਼ਦੀਕ ਨਾਕੇਬੰਦੀ ਕੀਤੀ ਹੋਈ ਸੀ। ਜਦੋਂ ਕਾਰ ਸਵਾਰ ਲੋਕਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਉਨ੍ਹਾਂ ਵੱਲੋਂ ਕਾਰ ਝਾੜੀਆਂ ਵਿੱਚ ਵਾੜ ਦਿੱਤੀ ਅਤੇ ਕਾਰ ਤੋਂ ਬਾਹਰ ਆ ਕੇ ਪੁਲਿਸ ਪਾਰਟੀ 'ਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ। ਪੁਲਿਸ ਵੱਲੋਂ ਜਵਾਬੀ ਫਾਇਰਿੰਗ ਦੌਰਾਨ ਇੱਕ ਬਦਮਾਸ਼ ਦੀ ਲੱਤ ਵਿੱਚ ਗੋਲੀ ਲੱਗਣ ਕਾਰਨ ਉਹ ਜ਼ਖ਼ਮੀ ਹੋ ਗਿਆ ਹੈ, ਜਿਸ ਦੀ ਪਹਿਚਾਣ ਗੁਰਸੇਵਕ ਸਿੰਘ ਬੰਬ ਵੱਜੋਂ ਹੋਈ ਹੈ ,ਜਦਕਿ ਉਸਦਾ ਇੱਕ ਸਾਥੀ ਮੌਕੇ ਤੋਂ ਫ਼ਰਾਰ ਹੋ ਗਿਆ। ਏਐਸਐਸਪੀ ਨੇ ਦੱਸਿਆ ਕਿ ਫੜਿਆ ਗਿਆ ਬਦਮਾਸ਼ ਜੇਲ੍ਹ ਤੋਂ ਬਾਹਰ ਆਇਆ ਹੈ ਅਤੇ ਅੱਧਾ ਦਰਜਨ ਤੋਂ ਵੱਧ ਕਤਲ ਅਤੇ ਕਤਲ ਦੀ ਕੋਸ਼ਿਸ਼ ਕਰਨ ਵਰਗੇ ਪਰਚੇ ਦਰਜ ਹਨ। ਐਸਐਸਪੀ ਗਰੇਵਾਲ ਨੇ ਦੱਸਿਆ ਕਿ ਗੁਰਸੇਵਕ ਸਿੰਘ ਫਿਰੌਤੀ ਦੇ ਕੇਸਾਂ ਵਿੱਚ ਵੀ ਸ਼ਾਮਲ ਹੈ। ਬਾਕੀ ਪੁਲਿਸ ਵੱਲੋਂ ਉਸਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ ਅਤੇ ਉਸਦੇ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਰਿਮਾਂਡ ਲੈ ਕੇ ਉਸ ਤੋਂ ਅੱਗੇ ਪੁਛਤਾਛ ਕੀਤੀ ਜਾਵੇਗੀ।

## ਕਾਂਗਰਸ ਦੇ ਦਿੱਗਜ ਲੀਡਰ ਦਾ ਕਬੂਲਨਾਮਾ : ਆਪ੍ਰੇਸ਼ਨ ਬਲੂ ਸਟਾਰ ਗ਼ਲਤ ਤਰੀਕਾ ਸੀ

### ਵਿਵਾਦਤ ਬਿਆਨ : ਖਾਲਿਸਤਾਨ ਦੀ ਮੰਗ ਲਗਭਗ ਖਤਮ ਹੋ ਗਈ ਹੈ, ਹੁਣ ਪੰਜਾਬ ਵਿੱਚ ਅਸਲ ਸਮੱਸਿਆ ਆਰਥਿਕ ਤੰਗੀ ਹੈ

**ਨਵੀਂ ਦਿੱਲੀ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-1984 ਵਿੱਚ ਤਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਅੰਮ੍ਰਿਤਸਰ ਵਿੱਚ ਸਿੱਖਾਂ ਦੇ ਸਭ ਤੋਂ ਪਵਿੱਤਰ ਸਥਾਨ ਸ੍ਰੀ ਹਰਿਮੰਦਰ ਸਾਹਿਬ ਦੇ ਅੰਦਰ ਖਾਲਿਸਤਾਨ ਪੱਖੀਆਂ ਨੂੰ ਕਾਬੂ ਕਰਨ ਲਈ ਫੌਜੀ ਕਾਰਵਾਈ ਨੂੰ ਅਧਿਕਾਰਤ ਕੀਤਾ ਸੀ। ਇਸ ਕਾਰਵਾਈ ਨੇ ਉਨ੍ਹਾਂ ਦੇ ਰਾਜਨੀਤਿਕ ਰੁਤਬੇ ਨੂੰ ਕਾਫ਼ੀ ਪ੍ਰਭਾਵਿਤ ਕੀਤਾ ਤੇ ਅੰਤ ਵਿੱਚ ਉਨ੍ਹਾਂ ਦੀ ਹੱਤਿਆ ਦਾ ਕਾਰਨ ਬਣਿਆ। ਇਸ ਬਾਰੇ ਕਾਂਗਰਸ 'ਤੇ ਸਿੱਖ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਦਾ ਦੋਸ਼ ਲਗਾਇਆ ਗਿਆ ਹੈ। ਹੁਣ, ਸੀਨੀਅਰ ਕਾਂਗਰਸ ਨੇਤਾ ਅਤੇ ਸਾਬਕਾ ਕੇਂਦਰੀ ਮੰਤਰੀ ਪੀ. ਚਿਦੰਬਰਮ ਨੇ ਕਿਹਾ ਹੈ ਕਿ ਗੋਲਡਨ ਟੈਂਪਲ ਨੂੰ ਮੁੜ ਪ੍ਰਾਪਤ ਕਰਨ ਲਈ ਆਪ੍ਰੇਸ਼ਨ ਬਲੂ ਸਟਾਰ ਗਲਤ ਤਰੀਕਾ ਸੀ। ਉਨ੍ਹਾਂ ਕਿਹਾ ਕਿ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨੇ ਇਸ ਗਲਤੀ ਦੀ ਕੀਮਤ ਆਪਣੀ ਜਾਨ ਨਾਲ ਚੁਕਾਈ। ਚਿਦੰਬਰਮ ਹਿਮਾਚਲ ਪ੍ਰਦੇਸ਼ ਦੇ ਕਸੌਲੀ ਵਿੱਚ ਖੁਸ਼ਵੰਤ ਸਿੰਘ ਸਾਹਿਤ ਉਤਸਵ ਵਿੱਚ ਬੋਲ ਰਹੇ ਸਨ। ਉਹ ਪੱਤਰਕਾਰ ਹਰਿੰਦਰ ਬਾਵੇਜਾ ਦੀ ਕਿਤਾਬ, "ਦੇ ਵਿਲ ਸ਼ੂਟ ਯੂ, ਮੈਡਮ" 'ਤੇ ਚਰਚਾ ਕਰ ਰਹੇ ਸਨ। ਜੂਨ 1984 ਵਿੱਚ, ਭਾਰਤੀ ਫੌਜ ਨੇ ਅੰਮ੍ਰਿਤਸਰ ਦੇ ਸ੍ਰੀ ਹਰਿਮੰਦਰ ਸਾਹਿਬ ਤੋਂ ਖਾਲਿਸਤਾਨ ਪੱਖੀਆਂ ਨੂੰ ਬਾਹਰ ਕੱਢਣ ਲਈ ਇੱਕ ਆਪ੍ਰੇਸ਼ਨ ਸ਼ੁਰੂ ਕੀਤਾ। ਇਸਨੂੰ ਆਪ੍ਰੇਸ਼ਨ ਬਲੂ ਸਟਾਰ ਕਿਹਾ ਜਾਂਦਾ ਹੈ। ਇਸ ਆਪ੍ਰੇਸ਼ਨ ਤੋਂ ਬਾਅਦ, ਇੰਦਰਾ ਗਾਂਧੀ ਦਾ ਕਤਲ ਉਸਦੇ ਆਪਣੇ ਸਿੱਖ ਅੰਗ ਰੱਖਿਅਕਾਂ ਦੁਆਰਾ ਕੀਤਾ ਗਿਆ ਸੀ। ਚਿਦੰਬਰਮ ਨੇ ਕਿਹਾ, "ਮੈਂ ਇੱਥੇ ਕਿਸੇ ਵੀ ਫੌਜੀ ਅਧਿਕਾਰੀ ਦਾ ਨਿਰਾਦਰ ਨਹੀਂ ਕਰ ਰਿਹਾ ਹਾਂ, ਪਰ ਇਹ ਹਰਿਮੰਦਰ ਸਾਹਿਬ ਨੂੰ ਮੁੜ ਪ੍ਰਾਪਤ ਕਰਨ ਦਾ ਗਲਤ ਤਰੀਕਾ ਸੀ। ਕੁਝ ਸਾਲਾਂ ਬਾਅਦ, ਅਸੀਂ ਸਹੀ ਤਰੀਕਾ ਦਿਖਾਇਆ - ਫੌਜ ਨੂੰ ਬਾਹਰ ਰੱਖ ਕੇ, ਬਲੂ ਸਟਾਰ ਗਲਤ ਤਰੀਕਾ ਸੀ ਅਤੇ ਮੇਰਾ ਮੰਨਣਾ ਹੈ ਕਿ ਸ਼੍ਰੀਮਤੀ ਗਾਂਧੀ ਨੇ ਆਪਣੀ ਜਾਨ ਦੇ ਕੇ ਇਸ ਗਲਤੀ ਦੀ ਕੀਮਤ ਚੁਕਾਈ।" ਚਿਦੰਬਰਮ ਨੇ ਇਹ ਵੀ ਕਿਹਾ ਕਿ ਇਹ ਫੈਸਲਾ ਇਕੱਲੀ ਇੰਦਰਾ ਗਾਂਧੀ ਦਾ ਨਹੀਂ ਸੀ। ਉਨ੍ਹਾਂ ਨੇ ਸਮਝਾਇਆ ਕਿ ਇਹ ਫੌਜ, ਪੁਲਿਸ, ਖੁਫੀਆ ਤੇ ਸਿਵਲ ਸੇਵਾ ਦਾ ਸਾਂਝਾ ਫੈਸਲਾ ਸੀ। ਉਨ੍ਹਾਂ ਕਿਹਾ, "ਇਸਦਾ ਦੋਸ਼ ਸਿਰਫ਼ ਗਾਂਧੀ 'ਤੇ ਨਹੀਂ ਲਗਾਇਆ ਜਾ ਸਕਦਾ। ਅੱਜ ਪੰਜਾਬ ਬਾਰੇ ਬੋਲਦਿਆਂ, ਚਿਦੰਬਰਮ ਨੇ ਕਿਹਾ ਕਿ ਖਾਲਿਸਤਾਨ ਦੀ ਮੰਗ ਲਗਭਗ ਖਤਮ ਹੋ ਗਈ ਹੈ। ਹੁਣ ਪੰਜਾਬ ਵਿੱਚ ਅਸਲ ਸਮੱਸਿਆ ਆਰਥਿਕ ਤੰਗੀ ਹੈ। ਉਨ੍ਹਾਂ ਕਿਹਾ, "ਪੰਜਾਬ ਦੇ ਆਪਣੇ ਦੌਰਿਆਂ ਤੋਂ, ਮੈਨੂੰ ਲੱਗਦਾ ਹੈ ਕਿ ਖਾਲਿਸਤਾਨ ਜਾਂ ਵੱਖ ਹੋਣ ਦੀ ਮੰਗ ਅਮਲੀ ਤੌਰ 'ਤੇ ਘੱਟ ਗਈ ਹੈ। ਅਸਲ ਸਮੱਸਿਆ ਆਰਥਿਕ ਸਥਿਤੀ ਹੈ।



## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਰਾਮ ਸਿੰਘ ਦਾ ਹੋਇਆ ਦੇਹਾਂਤ; ਹੱਡੀਆਂ ਦੇ ਕੈਂਸਰ ਤੋਂ ਸਨ ਪੀੜਤ

**ਅੰਮ੍ਰਿਤਸਰ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਭਾਈ ਰਾਮ ਸਿੰਘ ਦਾ ਦੇਹਾਂਤ ਹੋ ਗਿਆ। ਮਿਲੀ ਜਾਣਕਾਰੀ ਮੁਤਾਬਿਕ 74 ਸਾਲਾਂ ਭਾਈ ਰਾਮ ਸਿੰਘ ਪਿਛਲੇ ਕੁਝ ਅਰਸੇ ਤੋਂ ਬਿਮਾਰ ਚੱਲ ਰਹੇ ਸਨ। ਦੱਸਿਆ ਜਾ ਰਿਹਾ ਹੈ ਕਿ ਉਹ ਹੱਡੀਆਂ ਦੇ ਕੈਂਸਰ ਤੋਂ ਪੀੜਤ ਸੀ। ਜਿਸ ਦੇ ਚੱਲਦੇ ਉਨ੍ਹਾਂ ਦਾ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ 'ਚ ਦਾਖਿਲ ਸਨ। ਫਿਲਹਾਲ ਵਿਦੇਸ਼ ਰਹਿੰਦੇ ਬੱਚਿਆਂ ਦੇ ਆਉਣ ਅੰਤਿਮ ਸਸਕਾਰ ਕੀਤਾ ਜਾਵੇਗਾ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਮ੍ਰਿਤਸਰ ਤੋਂ ਮੈਂਬਰ ਭਾਈ ਰਾਮ ਸਿੰਘ ਦੇ ਅਕਾਲ ਚਲਾਣੇ ਉੱਤੇ ਸੰਵੇਦਨਾ ਪ੍ਰਗਟ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਹੈ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ। ਜਥੇਦਾਰ ਗੜਗੱਜ ਨੇ ਕਿਹਾ ਕਿ ਭਾਈ ਰਾਮ ਸਿੰਘ ਪਿਛਲੇ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸਨ। ਉਨ੍ਹਾਂ ਦੀਆਂ ਪੰਥਕ ਸੇਵਾਵਾਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਭਾਈ ਰਾਮ ਸਿੰਘ ਨੇ ਹਮੇਸ਼ਾ ਹੀ ਸ੍ਰੀ ਅਕਾਲ ਸਾਹਿਬ ਨੂੰ ਸਮਰਪਿਤ ਹੁੰਦਿਆਂ ਸਿੱਖ ਕੌਮ ਦੀ ਚੜ੍ਹਦੀ ਕਲਾ ਲਈ ਕਾਰਜ ਕੀਤੇ ਤੇ ਪੰਥਕ ਹਿੱਤਾਂ ਨੂੰ ਤਰਜੀਹ ਦਿੱਤੀ। ਇਨ੍ਹਾਂ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਐਡਵੋਕੇਟ ਧਾਮੀ ਨੇ ਭਾਈ ਰਾਮ ਸਿੰਘ ਦੀਆਂ ਪੰਥਕ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਨਿਮਰ ਸੁਭਾਅ ਵਾਲੇ ਨੇਕਦਿਲ ਇਨਸਾਨ ਸਨ, ਜਿਨ੍ਹਾਂ ਨੇ ਹਮੇਸ਼ਾ ਪੰਥਕ ਸਰੋਕਾਰਾਂ ਨੂੰ ਪਹਿਲ ਦਿੱਤੀ। ਭਾਈ ਰਾਮ ਸਿੰਘ ਨੇ ਸ਼੍ਰੋਮਣੀ ਕਮੇਟੀ ਮੈਂਬਰ ਵਜੋਂ ਲੰਬਾ ਸਮਾਂ ਸੇਵਾਵਾਂ ਨਿਭਾਈਆਂ ਅਤੇ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਅਹਿਮ ਕਾਰਜਾਂ ਵਿਚ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਭਾਈ ਰਾਮ ਸਿੰਘ ਦੇ ਅਕਾਲ ਚਲਾਣੇ ਨਾਲ ਪਰਿਵਾਰ ਅਤੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨੂੰ ਵੀ ਵੱਡਾ ਘਾਟਾ ਪਿਆ ਹੈ। ਐਡਵੋਕੇਟ ਧਾਮੀ ਨੇ ਭਾਈ ਰਾਮ ਸਿੰਘ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖ਼ਸ਼ਣ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਪ੍ਰਦਾਨ ਕਰਨ।



## ਇੰਟਰਨੈਸ਼ਨਲ ਪੰਥਕ ਦਲ ਵੱਲੋਂ

# ਭਾਈ ਮਨਦੀਪ ਸਿੰਘ ਨੂੰ ਹਮਾਇਤ ਦਾ ਐਲਾਨ

## ਤਰਨਤਾਰਨ ਜ਼ਿਮਨੀ ਚੋਣ ਲਈ ਭਾਈ ਮਨਦੀਪ ਸਿੰਘ ਹਨ ਉਮੀਦਵਾਰ



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ
(ਬਾਨੀ ਇੰਟਰਨੈਸ਼ਨਲ ਪੰਥਕ ਦਲ)
ਅਤੇ ਸਾਬਕਾ ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ



ਸੰਤ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ, ਭਿੰਡਰਾਂਵਾਲੇ
ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ

ਅਕਾਲੀ ਦਲ 'ਵਾਰਸ ਪੰਜਾਬ ਦੇ' ਜਥੇਬੰਦੀ ਵੱਲੋਂ ਤਰਨ ਤਾਰਨ ਜ਼ਿਮਨੀ ਚੋਣ ਲਈ ਐਲਾਨੇ ਗਏ ਉਮੀਦਵਾਰ ਭਾਈ ਮਨਦੀਪ ਸਿੰਘ ਨੂੰ ਇੰਟਰਨੈਸ਼ਨਲ ਪੰਥਕ ਦਲ ਹਮਾਇਤ ਦੇਵੇਗਾ। ਇਹ ਜਾਣਕਾਰੀ ਅੱਜ ਇੱਥੇ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਦਿੱਤੀ ਗਈ। ਭਾਈ ਮਨਦੀਪ ਸਿੰਘ ਜੋ ਉਮੀਦਵਾਰ ਐਲਾਨੇ ਗਏ ਹਨ, ਭਾਈ ਸੰਦੀਪ ਸਿੰਘ ਸੰਨੀ ਦੇ ਵੱਡੇ ਭਰਾ ਹਨ। ਭਾਈ ਸੰਦੀਪ ਸਿੰਘ ਸੰਨੀ 2022 ਦੇ ਬਹੁਚਰਚਿਤ ਸੁਧੀਰ ਸੂਰੀ ਕਤਲ ਮਾਮਲੇ ਵਿੱਚ ਇਸ ਵੇਲੇ ਜੇਲ੍ਹ 'ਚ ਨਜ਼ਰਬੰਦ ਹਨ। ਬਾਬਾ ਜੱਸੋਵਾਲ ਨੇ ਕਿਹਾ ਕਿ ਤਰਨ ਤਾਰਨ ਦੀ ਇਹ ਜ਼ਿਮਨੀ ਚੋਣ ਇਕ ਸਿਆਸੀ ਚੋਣ ਨਹੀਂ, ਸਗੋਂ ਸੱਚਾਈ, ਇਨਸਾਫ ਲਈ ਤੇ ਜਬਰ-ਜੁਲਮ ਦੇ ਖਿਲਾਫ ਲੜਾਈ ਹੈ ਅਤੇ ਇਹ ਫੈਸਲਾ ਸਮੁੱਚੇ ਖਾਲਸਾ ਪੰਥ ਦੀਆਂ ਭਾਵਨਾਵਾਂ ਅਨੁਸਾਰ ਲਿਆ ਗਿਆ ਹੈ।

**ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾਮੁਕਤ ਕਰਨ ਅਤੇ ਪੰਥ ਵਿਰੋਧੀ ਤਾਕਤਾਂ ਨੂੰ ਹਾਰ ਦੇਣ ਲਈ ਭਾਈ ਮਨਦੀਪ ਸਿੰਘ ਨੂੰ ਹਮਾਇਤ ਦੇਣੀ ਸਮੇਂ ਦੀ ਲੋੜ ਹੈ।**



ਭਾਈ ਮਨਦੀਪ ਸਿੰਘ (ਭਰਾਤਾ ਭਾਈ ਸੰਦੀਪ ਸਿੰਘ ਸੰਨੀ)
ਉਮੀਦਵਾਰ, ਵਿਧਾਨ ਸਭਾ ਹਲਕਾ ਤਰਨ-ਤਾਰਨ







ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ।

-ਸੰਪਾਦਕ




# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






## SANJHA PUNJAB

VEG & NON-VEG INDIAN

TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565
visit us : www.sanjhapunjab.co.uk
email: sanjha47@hotmail.com

**ALLERGY ADVICE !!**

Please ask a member of staff if you have any food intolerance or allergies.


ਆਵਾਜ਼ਿ ਕੌਮ
AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## 350 ਸਾਲਾਂ ਸ਼ਤਾਬਦੀ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਦਿਨ ਐਤਵਾਰ 19 ਅਕਤੂਬਰ 2025

ਸ਼ਹੀਦੀ ਦਿਹਾੜਾ ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ

ਨਗਰ ਕੀਰਤਨ ਦੀ ਆਰੰਭਤਾ ਸਮਾਂ 12:00 ਤੋਂ ਸ਼ਾਮ 5 ਵਜੇ ਪਿੰਡ ਕਾਜ਼ਲਮੋਰਾਨੋ ਵਿਚ ਹੀ ਸਮਾਪਤੀ ਹੋਵੇਗੀ।

ਸ਼ਨਿੱਚਰਵਾਰ 18 ਅਕਤੂਬਰ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸਜਣਗੇ।

ਐਤਵਾਰ 19 ਅਕਤੂਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12:00 ਵਜੇ ਤੱਕ ਦੀਵਾਨ ਸਜਣਗੇ।

ਕੀਰਤਨੀ ਜਥਾ ਰਾਗੀ ਭਾਈ ਗੁਰਸ਼ਰਨ ਸਿੰਘ ਜੀ ਯੂ ਕੇ ਵਾਲੇ , ਕਥਾ ਵਾਚਕ , ਕਵੀਸ਼ਰੀ ਜਥਾ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।


★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260


ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥







ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ, ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ, ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੀ ਗੁਰਤਗੱਦੀ ਦਿਵਸ, ਮਾਤਾ ਸਾਹਿਬ ਕੌਰ ਜੀ ਦਾ ਜਨਮ ਦਿਹਾੜਾ, ਭਾਈ ਮਤੀ ਦਾਸ, ਭਾਈ ਸਤੀ ਰਾਮ, ਭਾਈ ਦਿਆਲ ਦਾਸ, ਭਾਈ ਜੈਤਾ ਅਤੇ ਭਾਈ ਲੱਖੀ ਸ਼ਾਹ ਬਨਜਾਰਾ ਨੂੰ ਸਮਰਪਿਤ



# 29ਵਾਂ ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ) ਬੱਬਰਾਂ ਦੇ ਹਾਈ ਕੋਰਟ

20 ਅਕਤੂਬਰ ਦਿਨ ਸੋਮਵਾਰ ਤੋਂ 1 ਨਵੰਬਰ ਦਿਨ ਸ਼ਨੀਵਾਰ ਤੱਕ 13 ਦਿਨ ਸਮਾਗਮ

**ਮਿਤੀ 1 ਨਵੰਬਰ 2025 ਦਿਨ ਸ਼ਨੀਵਾਰ**

ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ ।

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ

**1 ਨਵੰਬਰ 2025 ਦਿਨ ਸ਼ਨੀਵਾਰ ਨੂੰ**

ਲੜੀ ਭੋਗ ਸ਼੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 4-00 ਵਜੇ ਤੱਕ ਦੀਵਾਨ ਸਜਣਗੇ ।



**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ**

ਦਮਦਮੀ ਟਕਸਾਲ

ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ

ਮੁੱਖ ਬੁਲਾਰਾ ਅੰਤਰਰਾਸ਼ਟਰੀ ਇੰਟਰਨੈਸ਼ਨਲ ਪੰਥਕ ਦਲ

ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404



ਆਵਾਜ਼ਿ ਕੌਮ AWAZE QAUM International Newspaper & WEB TV

## ਇੰਗਲੈਂਡ ਅਤੇ ਯੌਰਪ ਦੀਆਂ ਸਿੱਖ ਸੰਗਤਾਂ ਲਈ ਖੁਸ਼ਖਬਰੀ

### ਆਵਾਜ਼ਿ ਕੌਮ ਟੂਰ & ਟਰੈਵਲਜ਼ ਅਤੇ ਸ: ਰਘਬੀਰ ਸਿੰਘ ਵਲੋਂ

# ਨਨਕਾਣਾ ਸਾਹਿਬ ਯਾਤਰਾ

**ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਾਹਿਬ ਮਨਾਓ ਜੀ।**

ਨਵੰਬਰ 2025
ਬੁਕਿੰਗ ਸ਼ੁਰੂ ਹੈ

ਪਾਕਿਸਤਾਨ ਯਾਤਰਾ ਪੈਕੇਜ £1650



NOV 2025
Book Now

Pakistan Yatra Package £1650

## 9 Days Yatra - 31 Oct to 8 Nov, 2025

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਪਿਆਰੀ ਸੰਗਤ ਜੀ, ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ॥
ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ 5 ਨਵੰਬਰ ਨੂੰ ਸ੍ਰੀ ਨਨਕਾਣਾ ਸਮੇਤ ਸੰਸਾਰ ਭਰ ਵਿ'ਚ ਮਨਾਇਆ ਜਾ ਰਿਹਾ ਹੈ। ਸਿੰਘ ਟਰੈਵਲ ਅਤੇ ਗੁਰਧਾਮ ਯਾਤਰਾ ਸੇਵਾ ਸੁਸਾਇਟੀ ਵਲੋਂ 2010 ਤੋ ਹਰ ਸਾਲ ਫਰਵਰੀ, ਮਾਰਚ, ਅਪ੍ਰੈਲ, ਸਤੰਬਰ ਅਤੇ ਨਵੰਬਰ ਵਿੱਚ ਸੰਗਤਾਂ ਨੂੰ ਪੰਥ ਤੋ ਵਿਛੜੇ ਸ੍ਰੀ ਨਨਕਾਣਾ ਸਾਹਿਬ ਅਤੇ 25 ਤੋ ਵੱਧ ਗੁਰਧਾਮਾਂ ਦੇ ਦਰਸ਼ਨ, ਯੌਰਪ ਅਤੇ ਦੁਬਈ ਦੇ ਟੂਰ ਕਰਵਾਏ ਜਾਂਦੇ ਹਨ। ਹੁਣ ਤੱਕ ਕੈਨੇਡਾ, ਅਮਰੀਕਾ, ਇੰਗਲੈਂਡ ਅਤੇ ਯੌਰਪ ਸਮੇਤ ਸੰਸਾਰ ਭਰ ਦੀਆਂ ਹਜਾਰਾਂ ਸੰਗਤਾਂ ਪ੍ਰੀਵਾਰ ਸਮੇਤ ਦਰਸ਼ਨ ਕਰ ਚੁੱਕੀਆਂ ਹਨ, ਤੁਸੀ ਵੀ ਵਧੀਆ ਪ੍ਰਵਾਰਿਕ ਮਾਹੌਲ ਵਿੱਚ ਖੁੱਲੇ ਦਰਸ਼ਨ ਦੀਦਾਰ ਕਰਨ ਅਤੇ ਭਰੋਸੇਯੋਗ ਸੇਵਾਵਾਂ ਲਈ ਅੱਜ ਹੀ ਸੰਪਰਕ ਕਰੋ ਜੀ। **ਪੰਜਾਂ ਤਖਤਾਂ ਦੀ ਯਾਤਰਾ ਅਤੇ ਬਜੁਰਗਾਂ ਦੇ ਪਿੰਡ ਵੇਖਣ ਦਾ ਖਾਸ ਪ੍ਰਬੰਧ ਹੈ।**

**ਸੰਸਾਰ ਭਰ ਵਿੱਚ ਜਾਣ ਲਈ ਸਸਤੀਆਂ ਹਵਾਈ ਟਿਕਟਾਂ ਲਈ ਇਕ ਵਾਰ ਫੋਨ ਜਰੂਰ ਘੁਮਾਓ ਜੀ।**

**Yatra Expenses from UK: Pakistan 950 + Dubai 695 = From Europe Pakistan 1095 Dubai 795**
( Pak Visa, Hotel Twin Share + AC Delux Buses + Veg food + Z+ Security, Attraction Fees & Mineral Water Including the Yatra Expenses)
Special Discount on Yatra for family with Kids & 5 Star Yatra Package available on request



## Awaze Qaum Tour & Travels

**Tel: + 44 7976 210161**

Canada & USA Sangat Call Jasbir Sgh Boparai @
Canada:+1-647-231-1600- USA: +1-716-342-6007


Awaze Qaum Tour & Travels & Raghbir Singh Jatha
SINGH TRAVEL & TOURS LTD.
GURDHAM YATRA & SEVA SOCIETY
CANADA
GURDHAMYATRA.COM
Singh Travel
YATRA
NANKANA SAHIB
OCT 30 - NOV 8, 2025
ਆਵਾਜ਼ਿ ਕੌਮ
AWAZE QAUM
International Newspaper & WEB TV
Nankana Sahib
Panja Sahib
kartarpur Sahib
25+ Gurdwara's & Historical places darshan
ਸਿੰਘ ਟਰੈਵਲ ਨਾਲ ਇੱਕ ਵਾਰ ਯਾਤਰਾ ਜਰੂਰ ਕਰੋ, ਸਾਡਾ 16 ਸਾਲ ਦਾ ਯਾਤਰਾ ਤਜ਼ਰਬਾ, ਤੁਹਾਡੀ ਯਾਤਰਾ ਯਾਦਗਾਰੀ ਬਣਾ ਦੇਵੇਗਾ।
YATRA WITH SINGH TRAVEL – WE MAKE YOUR YATRA TRULY MEMORABLE!
4 Days Dubai + all meals
Ac Buses, 5 Attractions
Airport & hotel
UK. 695
Europe. 795
9 Days + Veg meals, Ac
Buses, Visa+ Hotels & Z+
Security, Without Ticket
UK. 950
Europe. 1095
Pakistan Yatra 9 Days +
Veg meals, Ac Buses,
Visa+ Hotels, Z+ Security
& Return Air Ticket
UK. 1650
Raghbir Singh
07976 210161
Mangal Singh
07939 486321
Jasbir S. Boparai
+1 647.231.1600

### ਗੁਰਦੁਆਰਾ ਸੀਸਗੰਜ ਸਾਹਿਬ ਦਿੱਲੀ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਲੜੀਵਾਰ ਗੁਰਬਾਣੀ ਕਥਾ ਵਿਚਾਰ ਦੀ ਹਾਜ਼ਰੀ ਭਰੀ





ਆਵਾਜ਼ਿ ਕੌਮ
AWAZE QAUM
International Newspaper & WEB TV







ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

ਸ੍ਰੀ ਦਰਬਾਰ ਸਾਹਿਬ 'ਤੇ ਹਮਲਾ

# ਪੀ. ਚਿਦੰਬਰਮ ਦਾ ਵਿਵਾਦਤ ਬਿਆਨ



**ਕਸੌਲੀ/ਚੰਡੀਗੜ੍ਹ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਕੇਂਦਰੀ ਗ੍ਰਹਿ ਮੰਤਰੀ ਅਤੇ ਕਾਂਗਰਸ ਦੇ ਸੀਨੀਅਰ ਨੇਤਾ ਪੀ. ਚਿਦੰਬਰਮ ਦੇ ਓਪਰੇਸ਼ਨ ਬਲੂ ਸਟਾਰ (1984) ਨੂੰ ਲੈ ਕੇ ਦਿੱਤੇ ਗਏ ਬਿਆਨ ਨੇ ਸਿਆਸੀ ਅਤੇ ਸਮਾਜਿਕ ਹਲਕਿਆਂ ਵਿੱਚ ਹੰਗਾਮਾ ਖੜ੍ਹਾ ਕਰ ਦਿੱਤਾ ਹੈ। ਹਿਮਾਚਲ ਪ੍ਰਦੇਸ਼ ਦੇ ਕਸੌਲੀ ਵਿੱਚ ਖੁਸ਼ਵੰਤ ਸਿੰਘ ਲਿਟਰੇਚਰ ਫੈਸਟੀਵਲ ਦੌਰਾਨ ਚਿਦੰਬਰਮ ਨੇ ਸ੍ਰੀ ਹਰਿਮੰਦਰ ਸਾਹਿਬ (ਗੋਲਡਨ

ਆਵਾਜ਼ਿ ਕੌਮ AWAZE QAUM International Newspaper & WEB TV

ਟੈਂਪਲ) 'ਤੇ ਹੋਏ ਫੌਜੀ ਹਮਲੇ ਨੂੰ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ "ਵੱਡੀ ਗਲਤੀ" ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸਿਰਫ ਇੰਦਰਾ ਗਾਂਧੀ ਦਾ ਨਹੀਂ, ਸਗੋਂ ਫੌਜ, ਪੁਲਿਸ, ਖੁਫੀਆ ਏਜੰਸੀਆਂ ਅਤੇ ਸਿਵਲ ਸੇਵਾਵਾਂ ਦਾ ਸਾਂਝਾ ਗਲਤ ਫੈਸਲਾ ਸੀ।

**ਚਿਦੰਬਰਮ ਦਾ ਵਿਵਾਦਤ ਬਿਆਨ** : ਚਿਦੰਬਰਮ ਨੇ ਕਿਹਾ, "ਓਪਰੇਸ਼ਨ ਬਲੂ ਸਟਾਰ ਸ੍ਰੀ ਹਰਿਮੰਦਰ ਸਾਹਿਬ ਨੂੰ ਮੁੜ ਪ੍ਰਾਪਤ ਕਰਨ ਦਾ ਗਲਤ ਤਰੀਕਾ ਸੀ। ਇਸ ਦੀ ਬਜਾਏ 1988 ਵਿੱਚ ਓਪਰੇਸ਼ਨ ਬਲੈਕ ਥੰਡਰ ਵਿੱਚ ਫੌਜ ਨੂੰ ਬਾਹਰ ਰੱਖ ਕੇ ਸਹੀ ਤਰੀਕੇ ਨਾਲ ਕੰਮ ਕੀਤਾ ਗਿਆ।" ਉਨ੍ਹਾਂ ਅੱਗੇ ਕਿਹਾ ਕਿ ਇਸ ਗਲਤੀ ਦੀ ਕੀਮਤ ਇੰਦਰਾ ਗਾਂਧੀ ਨੂੰ ਆਪਣੀ ਜਾਨ ਨਾਲ ਚੁਕਾਉਣੀ ਪਈ, ਜਦੋਂ 31 ਅਕਤੂਬਰ 1984 ਨੂੰ ਉਨ੍ਹਾਂ ਦੇ ਸਿੱਖ ਬਾਡੀਗਾਰਡਾਂ ਨੇ ਉਨ੍ਹਾਂ ਦੀ ਹੱਤਿਆ ਕਰ ਦਿੱਤੀ।

ਸਿਆਸੀ ਪ੍ਰਤੀਕਿਰਿਆਵਾਂ

ਬੀਜੇਪੀ ਦੀ ਨਿੰਦਾ: ਬੀਜੇਪੀ ਨੇਤਾ ਅਮਿਤ ਮਲਵੀਆ ਨੇ ਚਿਦੰਬਰਮ ਦੇ ਬਿਆਨ ਨੂੰ ਕਾਂਗਰਸ ਦੇ "ਝੂਠੇ ਨੈਰੇਟਿਵ" ਨੂੰ ਤੋੜਨ ਵਾਲਾ ਦੱਸਿਆ। ਦਿੱਲੀ ਦੇ ਸਿੱਖ ਮੰਤਰੀ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਇਹ ਬਿਆਨ ਕਾਂਗਰਸ ਦੀਆਂ ਇਤਿਹਾਸਕ ਗਲਤੀਆਂ ਨੂੰ ਸਾਹਮਣੇ ਲਿਆਉਂਦਾ ਹੈ, ਪਰ ਇੰਦਰਾ ਗਾਂਧੀ ਨੂੰ ਬਚਾਉਣ ਦੀ ਕੋਸ਼ਿਸ਼ ਅਸਵੀਕਾਰਯੋਗ ਹੈ।

ਸ਼੍ਰੋਮਣੀ ਅਕਾਲੀ ਦਲ: ਅਕਾਲੀ ਨੇਤਾਵਾਂ ਨੇ ਚਿਦੰਬਰਮ ਦੇ ਬਿਆਨ ਨੂੰ "ਬਹੁਤ ਦੇਰ ਨਾਲ ਆਈ ਸਵੀਕਾਰੋਕਤੀ" ਕਿਹਾ ਅਤੇ ਮੰਗ ਕੀਤੀ ਕਿ ਕਾਂਗਰਸ 1984 ਦੇ ਸਿੱਖ ਕਤਲੇਆਮ ਲਈ ਸਿੱਖ ਭਾਈਚਾਰੇ ਤੋਂ ਅਧਿਕਾਰਤ ਤੌਰ 'ਤੇ ਮੁਆਫੀ ਮੰਗੇ।

ਕਾਂਗਰਸ ਦੀ ਚੁੱਪ: ਕਾਂਗਰਸ ਪਾਰਟੀ ਨੇ ਅਜੇ ਤੱਕ ਇਸ ਮੁੱਦੇ 'ਤੇ ਕੋਈ ਅਧਿਕਾਰਤ ਬਿਆਨ ਨਹੀਂ ਦਿੱਤਾ।

ਓਪਰੇਸ਼ਨ ਬਲੂ ਸਟਾਰ ਦਾ ਪਿਛੋਕੜ

1984 ਵਿੱਚ ਸ੍ਰੀ ਹਰਿਮੰਦਰ ਸਾਹਿਬ ਵਿੱਚ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਅਤੇ ਉਸ ਦੇ ਹਥਿਆਰਬੰਦ ਅਨੁਯਾਈਆਂ ਨੂੰ ਹਟਾਉਣ ਲਈ ਇੰਦਰਾ ਗਾਂਧੀ ਸਰਕਾਰ ਨੇ ਫੌਜੀ ਕਾਰਵਾਈ ਦਾ ਹੁਕਮ ਦਿੱਤਾ। ਇਸ ਦੌਰਾਨ ਹਜ਼ਾਰਾਂ ਨਿਰਦੋਸ਼ ਸ਼ਰਧਾਲੂਆਂ, ਸਿੱਖਾਂ ਦੀ ਮੌਤ ਹੋਈ, ਅਤੇ ਅਕਾਲ ਤਖਤ ਨੂੰ ਭਾਰੀ ਨੁਕਸਾਨ ਪਹੁੰਚਿਆ। ਇਸ ਘਟਨਾ ਨੇ ਸਿੱਖ ਭਾਈਚਾਰੇ ਵਿੱਚ ਡੂੰਘਾ ਜ਼ਖ਼ਮ ਛੱਡਿਆ, ਜਿਸ ਦੇ ਪਰਿਣਾਮ ਵਜੋਂ ਇੰਦਰਾ ਗਾਂਧੀ ਦੀ ਹੱਤਿਆ ਅਤੇ ਸਿੱਖ ਕਤਲੇਆਮ ਵਰਗੀਆਂ ਘਟਨਾਵਾਂ ਹੋਈਆਂ, ਜਿਸ ਵਿੱਚ ਹਜ਼ਾਰਾਂ ਸਿੱਖ ਮਾਰੇ ਗਏ।

ਸਮਾਜਿਕ ਪ੍ਰਤੀਕਿਰਿਆ

ਸਿੱਖ ਸੰਗਠਨਾਂ ਅਤੇ ਆਮ ਲੋਕਾਂ ਵਿੱਚ ਚਿਦੰਬਰਮ ਦੇ ਬਿਆਨ ਨੂੰ ਲੈ ਕੇ ਮਿਸ਼ਰਤ ਪ੍ਰਤੀਕਿਰਿਆਵਾਂ ਹਨ। ਕੁਝ ਸਿੱਖ ਜਥੇਬੰਦੀਆਂ ਨੇ ਇਸ ਨੂੰ ਸੱਚ ਨੂੰ ਸਵੀਕਾਰ ਕਰਨ ਦੀ ਦਿਸ਼ਾ ਵਿੱਚ ਇੱਕ ਕਦਮ ਮੰਨਿਆ, ਜਦਕਿ ਹੋਰਾਂ ਨੇ ਕਿਹਾ ਕਿ ਇਹ ਸਿਰਫ ਸਿਆਸੀ ਲਾਭ ਲਈ ਦਿੱਤਾ ਗਿਆ ਬਿਆਨ ਹੈ। ਸੋਸ਼ਲ ਮੀਡੀਆ 'ਤੇ ਵੀ ਇਸ ਮੁੱਦੇ 'ਤੇ ਤਿੱਖੀ ਚਰਚਾ ਚੱਲ ਰਹੀ ਹੈ।

ਚਿਦੰਬਰਮ ਦੇ ਇਸ ਬਿਆਨ ਨੇ 1984 ਦੀਆਂ ਘਟਨਾਵਾਂ ਨੂੰ ਫਿਰ ਤੋਂ ਚਰਚਾ ਦਾ ਵਿਸ਼ਾ ਬਣਾ ਦਿੱਤਾ ਹੈ। ਸਿੱਖ ਭਾਈਚਾਰਾ ਅਤੇ ਸਿਆਸੀ ਪਾਰਟੀਆਂ ਇਸ ਮੁੱਦੇ 'ਤੇ ਹੋਰ ਸਪੱਸ਼ਟੀਕਰਨ ਅਤੇ ਜਵਾਬਦੇਹੀ ਦੀ ਮੰਗ ਕਰ ਰਹੀਆਂ ਹਨ। ਕੀ ਕਾਂਗਰਸ ਪਾਰਟੀ ਇਸ ਬਿਆਨ 'ਤੇ ਕੋਈ ਅਧਿਕਾਰਤ ਹੁੰਗਾਰਾ ਦੇਵੇਗੀ, ਇਹ ਵੇਖਣਾ ਅਹਿਮ ਹੋਵੇਗਾ।

ਕਲਗੀਧਰ ਟਰੱਸਟ ਬੜੂ ਸਾਹਿਬ ਵਲੋਂ ਅਨੋਖੀ ਮਿਸਾਲ ਕਾਇਮ ਕਰਦਿਆਂ

# ਹੜ ਪੀੜੀਤਾਂ ਲਈ 7 ਨਵੇਂ ਘਰਾਂ ਦਾ ਕੀਤਾ ਗਿਆ ਉਦਘਾਟਨ

**ਨਵੀਂ ਦਿੱਲੀ 12 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ )**:- ਕਲਗੀਧਰ ਟਰੱਸਟ ਗੁਰਦਵਾਰਾ ਬੜੂ ਸਾਹਿਬ ਹਿਮਾਚਲ ਪ੍ਰਦੇਸ਼ ਵੱਲੋਂ ਹਰ ਵਾਰ ਦੀ ਤਰ੍ਹਾਂ ਕੁਦਰਤੀ ਆਫਤਾਂ ਨੂੰ ਨਜਿੱਠਣ ਲਈ ਅਕਾਲ ਸੇਵਾ ਟੀਮਾਂ ਨੂੰ ਭੇਜਣ ਦਾ 26 ਅਗਸਤ ਤੋਂ ਉੱਦਮ ਕੀਤਾ ਗਿਆ। ਪਿਛਲੇ ਦਿਨਾਂ ਵਿੱਚ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਪ੍ਰਧਾਨ ਦਵਿੰਦਰ ਸਿੰਘ ਵੱਲੋਂ ਭਰੋਸਾ ਦਿੱਤਾ ਗਿਆ ਸੀ ਕਿ ਕਲਗੀਧਰ ਟਰੱਸਟ ਨੇ ਇਹ ਬੀੜਾ ਚੁੱਕਿਆ ਹੈ ਕਿ ਸੰਗਤਾਂ ਦਾ ਪੈਸਾ ਸਹੀ ਤਰੀਕੇ ਨਾਲ ਇਸ਼ਤੇਮਾਲ ਹੋਵੇ, ਜੋ ਹੜ੍ਹ ਪੀੜਤਾਂ ਦੀਆ ਬੁਨਿਆਦੀ ਲੋੜਾਂ ਅਸੀਂ ਪੂਰੀਆਂ ਕਰ ਰਹੇ ਹਾਂ ਅਤੇ ਨਾਲ ਹੀ ਉਹਨਾਂ ਨੇ ਜਾਣਕਾਰੀ ਦਿੱਤੀ ਗਈ ਸੀ ਕਿ ਜੋ ਚੌਥਾ ਫੇਜ ਹੈ, ਜਿਸ ਵਿੱਚ ਜਿਨ੍ਹਾਂ ਦੇ ਘਰਾਂ ਨੂੰ ਨੁਕਸਾਨ ਪਹੁੰਚਿਆ ਹੈ, ਓਹਨਾ ਦੀ ਜਾਂਚ ਕਰਕੇ ਉਹਨਾਂ ਦੀ ਨਵੇਂ ਮਕਾਨ ਜਾਂ ਨੁਕਸਾਨੇ ਘਰਾਂ ਦੀ ਮੁਰੰਮਤ ਕੀਤੀ ਜਾਵੇਗੀ। ਇਸੇ ਤਹਿਤ ਕਲਗੀਧਰ ਟਰੱਸਟ ਗੁਰਦੁਆਰਾ ਬੜੂ ਸਾਹਿਬ ਦੇ ਉਪ ਪ੍ਰਧਾਨ ਜਗਜੀਤ ਸਿੰਘ (ਕਾਕਾ ਵੀਰ ਜੀ) ਵੱਲੋਂ ਸ੍ਰੀ ਗੁਰਦਾਸਪੁਰ ਜ਼ਿਲ੍ਹੇ ਦੇ 7 ਘਰ ਨਵੇਂ ਪ੍ਰੀ-ਫੈਬ੍ਰਿਕੇਟਡ ਮਟੀਰੀਅਲ ਨਾਲ ਮਕਾਨ ਤਿਆਰ ਕਰਕੇ ਦਿੱਤੇ ਗਏ।




ਕਾਹਨਾ ਪਿੰਡ ਵਿੱਚ 4 ਅਤੇ ਹਸਨਪੁਰ ਪਿੰਡ ਵਿੱਚ 3 ਘਰ ਤਿਆਰ ਕਰਕੇ ਦਿੱਤੇ ਗਏ ਹਨ । ਓਹਨਾ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹਨਾਂ ਦੇ ਮਕਾਨ ਹੜ੍ਹਾਂ ਦੇ ਪਾਣੀ ਅਤੇ ਭਾਰੀ ਬਾਰਿਸ਼ ਕਰਕੇ ਢਹਿ ਗਏ ਸਨ। ਇਹਨਾਂ ਪਰਿਵਾਰਾਂ ਨੂੰ 24 ਘੰਟੇ ਪ੍ਰਤੀ ਮਕਾਨ ਤਿਆਰ ਕਰਕੇ ਦਿੱਤਾ ਗਿਆ, ਜਿਸ ਵਿੱਚ ਰਸੋਈ ਦੇ ਰਾਸ਼ਨ ਤੋਂ ਲੈ ਕੇ ਕੁੱਲ ਘਰੇਲੂ ਸੁੱਖ ਸਹੂਲਤ (ਬੈਡ, ਗੱਦੇ, ਪੱਖੇ, ਰਸੋਈ ਦਾ ਇੱਕ ਕੁਝ ਦਿਨਾ ਦਾ ਰਾਸ਼ਨ ਆਦਿ) ਸਮਾਨ ਮੁਹਈਆ ਕਰਵਾਇਆ ਗਿਆ। ਇਹਨਾਂ ਘਰਾਂ ਦਾ ਉਦਘਾਟਨ ਲਈ ਸ਼੍ਰੀ ਦਲਵਿੰਦਰਜੀਤ ਸਿੰਘ (ਡਿਪਟੀ ਕਮਿਸ਼ਨਰ, ਗੁਰਦਾਸਪੁਰ); ਸ਼੍ਰੀ ਜਸਪਿੰਦਰ ਸਿੰਘ (ਐਸ.ਡੀ.ਐਮ., ਦੀਨਾਨਗਰ) ਵੱਲੋਂ ਕੀਤਾ ਗਿਆ। ਓਹਨਾ ਨੇ ਟਰੱਸਟ ਵੱਲੋ ਕੀਤੇ ਇਸ ਨਵੇਕਲੇ ਪ੍ਰੀ-ਫੈਬ੍ਰਿਕੇਟਡ ਮਟੀਰੀਅਲ ਮਕਾਨ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਸਾਬਕਾ ਸਰਪੰਚ ਕਰਤਾਰ ਸਿੰਘ ਪਿੰਡ ਸੱਦਾ, ਰਵਿੰਦਰ ਸਿੰਘ (ਗੁ: ਟਾਹਲੀ ਸਾਹਿਬ, ਗਾਹਲੜੀ ਸਾਹਿਬ), ਹਰਜੀਤ ਸਿੰਘ (ਮੈਨੇਜਰ ਟਾਹਲੀ ਸਾਹਿਬ), ਹਰਪ੍ਰੀਤ ਸਿੰਘ ਗ੍ਰੰਥੀ (ਗੁ: ਫਰੀਦਪੁਰ), ਸਰਪੰਚ ਕੁਲਵਿੰਦਰ ਸਿੰਘ ਪਿੰਡ ਚਿੱਟੀ, ਸਰਪੰਚ ਰਣਜੀਤ ਸਿੰਘ ਪਿੰਡ ਜੀਵਨ ਚੱਕ, ਡਾ. ਹਰਵਿੰਦਰਪਾਲ ਸਿੰਘ (ਜੈਨਪੁਰ), ਕੁਲਦੀਪ ਸਿੰਘ (ਜਾਫਲਪੁਰ), ਗੁਰਜਿੰਦਰ ਸਿੰਘ (ਗੰਜੀ), ਸਰਪੰਚ ਨਿਸ਼ਾਨ ਸਿੰਘ ਪਿੰਡ ਖੁਸ਼ੀਪੁਰ, ਸਰਪੰਚ ਵਾਸੁਦੇਵ ਪਿੰਡ ਠਾਕਰਪੁਰ, ਸਰਪੰਚ ਗੁਰਦੀਪ ਸਿੰਘ ਪਿੰਡ ਬੈਂਸ, ਸਰਪੰਚ ਬੱਬੂ ਸਿੰਘ ਪਿੰਡ ਤਲਵੰਡੀ, ਸਰਪੰਚ ਬੱਬਾ ਪਿੰਡ ਸੱਦਾ, ਸਰਪੰਚ ਸਾਬੀ ਪਿੰਡ ਸੱਦੇਪੁਰ, ਸਰਪੰਚ ਮਿੰਟੂ ਸਿੰਘ ਪਿੰਡ ਦੋਰੰਗਲਾ, ਸਰਪੰਚ ਬਲਦੇਵ ਸਿੰਘ ਪਿੰਡ ਕਾਠਗੜ੍ਹ ਅਤੇ ਟਰੱਸਟ ਦੇ ਸੇਵਾਦਾਰ ਅਤੇ ਪਿੰਡ ਦੇ ਪਤਵੰਤੇ ਸੱਜਣਾ ਨਾਲ ਵਿਸ਼ੇਸ਼ ਤੌਰ ਤੇ ਦਿੱਲੀ ਤੋਂ ਭਾਈ ਹਰਮੀਤ ਸਿੰਘ, ਭਾਈ ਜਸਪ੍ਰੀਤ ਸਿੰਘ ਦੇ ਨਾਲ ਅਖੰਡ ਕੀਰਤਨੀ ਜੱਥਾ ਦਿੱਲੀ ਦੇ ਮੁੱਖੀ ਭਾਈ ਅਰਵਿੰਦਰ ਸਿੰਘ ਰਾਜਾ ਵੀ ਮੌਜੂਦ ਸਨ। ਓਹਨਾ ਹੋਰ ਜਾਣਕਾਰੀ ਦੱਸਿਆ ਕਿ ਇਸ ਤਰ੍ਹਾਂ ਦੇ ਲਗਭਗ 100 ਨਵੇਂ ਪ੍ਰੀ-ਫੈਬ੍ਰਿਕੇਟਡ ਮਟੀਰੀਅਲ ਨਾਲ ਮਕਾਨ ਤਿਆਰ ਕਰਕੇ (400 ਤੋਂ 900 ਸੁਕੇਅਰ ਫੁੱਟ ਤੱਕ ਉਸਾਰੀ ਕੀਤੀ ਜਾਵੇਗੀ) ਲੋੜਵੰਦਾ ਨੂੰ ਅਸੀਂ ਸੰਗਤ ਦੇ ਸਹਿਯੋਗ ਨਾਲ ਬਣਾ ਕੇ ਦਿਆਂਗੇ। ਓਹਨਾ ਨੇ ਅਪੀਲ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਕਾਰਜਾਂ ਲਈ ਸੰਗਤ ਦੇ ਸਹਿਯੋਗ ਦੀ ਵੱਧ ਵੱਧ ਲੋੜ ਹੈ। ਹਰ ਦੇਸ਼ ਵਾਸੀ ਦਾ ਇਹ ਫਰਜ਼ ਬਣਦਾ ਹੈ ਕਿ ਉਹ ਆਪਣੇ ਦਸਵੰਧ ਦਾ ਹਿੱਸਾ ਇਹਨਾਂ ਦੀ ਮਦਦ ਕਰਨ ਲਈ ਜ਼ਰੂਰ ਦਾਨ ਕਰਨਾ ਚਾਹੀਦਾ ਹੈ ਤਾਂ ਜੋ ਜਿਨ੍ਹਾਂ ਦੇ ਘਰ ਨੁਕਸਾਨੇ ਗਏ ਹਨ ਓਹਨਾ ਦੀ ਮੁਰੰਮਤ ਕੀਤੀ ਜਾ ਸਕੇ ਜਾ ਨਵੇਂ ਬਣਾ ਕੇ ਦਿੱਤੇ ਜਾਣੇ ਚਾਹੀਦੇ ਹਨ, ਸਾਨੂੰ ਸਭ ਨੂੰ ਇਹ ਹੰਭਲਾ ਜ਼ਰੂਰ ਮਾਰਨਾ ਚਾਹੀਦਾ ਹੈ, ਓਹਨਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਅੱਜ ਗੁਰਦਾਸਪੁਰ ਜ਼ਿਲੇ ਵਿੱਚ ਇਕ ਹੋਰ ਘਰ ਦੀ ਉਸਾਰੀ ਦੀ ਸ਼ੁਰੂਆਤ ਕੀਤੀ ਹੈ। ਇਥੇ ਜਿਕਰਯੋਗ ਹੈ ਕਿ ਇੱਕ ਆਮ ਆਦਮੀ ਲਈ ਇਸ ਤਰ੍ਹਾਂ ਹੜ੍ਹਾਂ ਦੀ ਮਾਰ ਪੈਣ 10 ਸਾਲ ਤੱਕ ਆਰਥਿਕ ਸਥਿਤੀ ਵਿੱਚੋਂ ਬਾਹਰ ਨਿਕਲ ਸਕਦਾ ਹੈ, ਇਹਨਾਂ ਹਾਲਾਤਾਂ ਵਿੱਚ ਘਰ ਪਾਉਣਾ ਇੱਕ ਸੁਪਨੇ ਦੀ ਤਰ੍ਹਾਂ ਹੈ। ਹੋਰ ਜਾਣਕਾਰੀ ਦਿੰਦਿਆਂ ਓਹਨਾ ਕਿਹਾ ਕਿ ਹੁਣ ਤੱਕ ਲਗਭਗ 153 ਪਿੰਡਾਂ ਵਿੱਚੋਂ 5500 ਤੋਂ ਵੱਧ ਵਿਅਕਤੀਆਂ ਨੂੰ ਰੈਸਕਿਊ ਕਰਕੇ ਸੁਰੱਖਿਅਤ ਜਗ੍ਹਾ 'ਤੇ ਪਹੁੰਚਾਇਆ ਗਿਆ। ਗੁਰਦੁਆਰਾ ਬੜੂ ਸਾਹਿਬ, ਹਿਮਾਚਲ ਪ੍ਰਦੇਸ਼ ਵਿਖੇ ਸਰਬਤ ਦੇ ਭਲੇ ਲਈ ਸ੍ਰੀ ਸਹਿਜ ਪਾਠ ਸਾਹਿਬ ਨਿਰੰਤਰ ਚੱਲ ਰਹੇ ਹਨ, ਜਿੱਥੇ ਪੰਜਾਬ ਦੀ ਚੜ੍ਹਦੀਕਲਾ ਲਈ ਅਰਦਾਸ ਕੀਤੀ ਜਾਂਦੀ ਹੈ। ਇਥੇ ਜਿਕਰਯੋਗ ਹੈ ਕਿ ਦੇਸ਼ ਵਿੱਚ ਜਦੋਂ ਵੀ ਕੁਦਰਤੀ ਆਫ਼ਤਾਂ ਆਉਦੀਆਂ ਹਨ ਤਾਂ ਟਰੱਸਟ ਦੀ ਅਕਾਲ ਸੇਵਾ ਟੀਮ ਵੱਲੋਂ ਨਿਧੜਕ ਹੋ ਕੇ ਹੜ੍ਹ ਪੀੜਤਾਂ ਦੀ ਸੇਵਾ ਲਈ ਤਤਪਰ ਰਹਿੰਦੀ ਹੈ।

**ਲਗਭਗ 100 ਨਵੇਂ ਪ੍ਰੀ-ਫੈਬ੍ਰਿਕੇਟਡ ਮਟੀਰੀਅਲ ਨਾਲ ਮਕਾਨ ਤਿਆਰ ਕਰਕੇ ਦੇਣ ਦਾ ਹੈ ਟੀਚਾ**

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ ਦੇ ਅਕਾਲ ਚਲਾਣੇ 'ਤੇ ਐਡਵੋਕੇਟ ਧਾਮੀ ਵੱਲੋਂ ਦੁੱਖ ਪ੍ਰਗਟ



**ਅੰਮ੍ਰਿਤਸਰ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਐਡਵੋਕੇਟ ਧਾਮੀ ਨੇ ਭਾਈ ਰਾਮ ਸਿੰਘ ਦੀਆਂ ਪੰਥਕ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਹ ਨਿਮਰ ਸੁਭਾਅ ਵਾਲੇ ਨੇਕਦਿਲ ਇਨਸਾਨ ਸਨ, ਜਿਨ੍ਹਾਂ ਨੇ ਹਮੇਸ਼ਾ ਪੰਥਕ ਸਰੋਕਾਰਾਂ ਨੂੰ ਪਹਿਲ ਦਿੱਤੀ। ਭਾਈ ਰਾਮ ਸਿੰਘ ਨੇ ਸ਼੍ਰੋਮਣੀ ਕਮੇਟੀ ਮੈਂਬਰ ਵਜੋਂ ਲੰਬਾ ਸਮਾਂ ਸੇਵਾਵਾਂ ਨਿਭਾਈਆਂ ਅਤੇ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਅਹਿਮ ਕਾਰਜਾਂ ਵਿਚ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਭਾਈ ਰਾਮ ਸਿੰਘ ਦੇ ਅਕਾਲ ਚਲਾਣੇ ਨਾਲ ਪਰਿਵਾਰ ਅਤੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਨੂੰ ਵੀ ਵੱਡਾ ਘਾਟਾ ਪਿਆ ਹੈ। ਐਡਵੋਕੇਟ ਧਾਮੀ ਨੇ ਭਾਈ ਰਾਮ ਸਿੰਘ ਦੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖ਼ਸ਼ਣ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਪ੍ਰਦਾਨ ਕਰਨ। ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇ.ਰ ਸਿੰਘ ਮੰਡਵਾਲਾ ਤੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਵੀ ਭਾਈ ਰਾਮ ਸਿੰਘ ਦੇ ਅਕਾਲ ਚਲਾਣੇ 'ਤੇ ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਹਮਦਰਦੀ ਪ੍ਰਗਟ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਕਮੇਟੀ ਮੈਂਬਰ ਭਾਈ ਰਾਮ ਸਿੰਘ ਅਕਾਲ ਚਲਾਣੇ 'ਤੇ ਦਮਦਮੀ ਟਕਸਾਲ ਵੱਲੋਂ ਦੁੱਖ ਦਾ ਪ੍ਰਗਟਾਵਾ



**ਅੰਮ੍ਰਿਤਸਰ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਤਿਕਾਰਯੋਗ ਰਾਗੀ ਭਾਈ ਰਾਮ ਸਿੰਘ ਜੀ ਅੱਜ ਅਕਾਲ ਚਲਾਣਾ ਕਰ ਗਏ ਹਨ ।ਰਾਗੀ ਭਾਈ ਰਾਮ ਸਿੰਘ ਜੀ ਜਥੇਬੰਦੀ ਦਮਦਮੀ ਦੇ ਪੁਰਾਣੇ ਵਿਦਿਆਰਥੀ ਸਨ ਉਹ ਸੰਤ ਬਾਬਾ ਗੁਰਬਚਨ ਸਿੰਘ ਜੀ 12ਵੇਂ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੇ ਸਮੇਂ ਜਥੇ 'ਚ ਸ਼ਾਮਲ ਹੋਏ ਸਨ ਮਹਾਂਪੁਰਸ਼ਾਂ ਦੇ ਸੱਚਖੰਡ ਜਾਣ ਉਪਰੰਤ ਸੰਤ ਬਾਬਾ ਕਰਤਾਰ ਸਿੰਘ ਜੀ 13ਵੇਂ ਮੁਖੀ ਮਹਾਂਪੁਰਸ਼ਾਂ ਨਾਲ ਵਿਚਰ ਕੇ ਕੀਰਤਨ ਕਰਨ ਦੀ ਸੇਵਾ ਕਰਦੇ ਰਹੇ ਉਪਰੰਤ 14ਵੇਂ ਮੁਖੀ ਮਹਾਂਪੁਰਖ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨਾਲ ਵਿਚਰੇ ਉਪਰੰਤ 15ਵੇਂ ਮੁਖੀ ਦਮਦਮੀ ਟਕਸਾਲ ਸੰਤ ਬਾਬਾ ਠਾਕੁਰ ਸਿੰਘ ਜੀ ਖਾਲਸਾ ਦੇ ਸਮੇਂ ਵੀ ਜਥੇਬੰਦੀ 'ਚ ਸੇਵਾਵਾਂ ਨਿਭਾਉਂਦੇ ਰਹੇ ਉਪਰੰਤ ਮੌਜੂਦਾ ਸਮੇਂ ਵੀ ਸੰਤ ਬਾਬਾ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਨਾਲ ਵੀ ਰਾਗੀ ਭਾਈ ਰਾਮ ਸਿੰਘ ਜੀ ਅਥਾਹ ਪ੍ਰੇਮ ਕਰਦੇ ਸਨ ।ਰਾਗੀ ਭਾਈ ਰਾਮ ਸਿੰਘ ਜੀ ਦੇ ਅਕਾਲ ਚਲਾਣਾ ਕਰ ਜਾਣ 'ਤੇ ਅਸੀ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਰਾਗੀ ਜੀ ਦੇ ਪ੍ਰਵਾਰ ਨਾਲ ਹਮਦਰਦੀ ਪ੍ਰਗਟ ਕਰਦੇ ਹਾਂ ਅਤੇ ਗੁਰੂ ਸਾਹਿਬ ਜੀ ਅੱਗੇ ਅਰਦਾਸ ਕਰਦੇ ਹਾਂ ਕਿ ਸਤਿਗੁਰੂ ਸਾਹਿਬ ਵਿਛੜੀ ਰੂਹ ਨੂੰ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ ।

ਆਵਾਜ਼ਿ ਕੌਮ AWAZE QAUM International Newspaper & WEB TV

# ਚੈੱਕ ਮੇਟ ਫੇਸਿਲਟੀ ਇਲੈਕਟ੍ਰੋਨਿਕਸ ਸੋਲੂਸ਼ਨ ਪ੍ਰਾਈਵੇਟ ਲਿਮਿਟਡ ਵੱਲੋਂ ਪਲੇਸਮੈਂਟ ਕੈਂਪ 14 ਅਕਤੂਬਰ ਨੂੰ

**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵੱਲੋਂ ਚੈੱਕ ਮੇਟ ਫੇਸਿਲਟੀ ਇਲੈਕਟ੍ਰੋਨਿਕਸ ਸੋਲੂਸ਼ਨ ਪ੍ਰਾਈਵੇਟ ਲਿਮਿਟਡ ਕੰਪਨੀ (ਕੇ ਆਰ ਬੀ ਐਲ ਲਈ) ਨਾਲ ਤਾਲਮੇਲ ਕਰਕੇ ਮਿਤੀ 14 ਅਕਤੂਬਰ ਦਿਨ ਮੰਗਲਵਾਰ ਨੂੰ ਨੌਕਰੀ ਦੇ ਚਾਹਵਾਨ ਪ੍ਰਾਰਥੀਆਂ ਲਈ ਜਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਦਫ਼ਤਰ, ਸੰਗਰੂਰ ਵਿਖੇ ਇੱਕ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਕੰਪਨੀ ਵੱਲੋਂ ਸਕਿਊਰਟੀ ਗਾਰਡ- ਸਿਵਲ ਸਕਿਉਰਿਟੀ ਗਾਰਡ ਅਤੇ ਫੌਜੀ ਵੀਰ (ਕੇਵਲ ਲੜਕੇ) ਦੀ ਅਸਾਮੀ ਲਈ ਇੰਟਰਵਿਊ ਲਈ ਜਾਵੇਗੀ। ਜਿਸ ਲਈ ਪ੍ਰਾਰਥੀ ਦੀ ਵਿਦਿੱਅਕ ਯੋਗਤਾ 10ਵੀਂ ਪਾਸ ਹੋਣੀ ਚਾਹੀਦੀ ਹੈ। ਇਸ ਤੋਂ ਇਲਾਵਾ ਉਮਰ 20 ਸਾਲ ਤੋਂ 55 ਸਾਲ ਤੱਕ ਅਤੇ ਕੱਦ - 5 ਫੁੱਟ 7 ਇੰਚ ਹੋਣਾ ਚਾਹੀਦਾ ਹੈ। ਇਛੁੱਕ ਉਮੀਦਵਾਰ ਆਪਣੇ ਨਾਲ ਪੁਲਿਸ ਵੈਰੀਫਿਕੇਸ਼ਨ ਅਪਲਾਈ ਆਨ ਲਾਈਨ ਸਲਿੱਪ ਜਾਂ ਫਾਈਨਲ ਕਾਪੀ, ਅਧਾਰ ਕਾਰਡ, ਪੈਨ ਕਾਰਡ, ਸਕੂਲ ਅਸਲੀ ਸਰਟੀਫਿਕੇਟ, ਬੈਂਕ ਕਾਪੀ ਫਸਟ ਪੇਜ ਦਸਤਾਵੇਜ਼ ਨਾਲ ਲੈ ਕੇ ਆਉਣ। ਚਾਹਵਾਨ ਅਤੇ ਯੋਗ ਪ੍ਰਾਰਥੀ ਰਜਿਊਮ ਅਤੇ ਵਿੱਦਿਅਕ ਯੋਗਤਾ ਦੇ ਸਰਟੀਫਿਕੇਟ ਦੀਆਂ ਫੋਟੋ ਕਾਪੀਆਂ ਲੈ ਕੇ ਇਸ ਇੰਟਰਵਿਊ ਵਿੱਚ ਭਾਗ ਲੈ ਸਕਦੇ ਹਨ। ਇੰਟਰਵਿਊ ਵਿੱਚ ਭਾਗ ਲੈਣ ਲਈ ਕੋਈ ਵੀ ਟੀ.ਏ ਅਤੇ ਡੀ.ਏ ਦੇਣ ਯੋਗ ਨਹੀਂ ਹੋਵੇਗਾ। ਵਧੇਰੇ ਜਾਣਕਾਰੀ ਲਈ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸੰਗਰੂਰ ਵਿਖੇ ਸੰਪਰਕ ਕਰ ਸਕਦੇ ਹਨ।




**ਜਨਮ ਦਿਨ ਮੁਬਾਰਕ**

**ਹਰਗੁਨ ਕੌਰ**
ਪਿਤਾ ਸੰਦੀਪ ਸਿੰਘ ਫੌਜੀ
ਮਾਤਾ ਰਾਜਵਿੰਦਰ ਕੌਰ
ਫਤਿਹਗੜ੍ਹ ਛੰਨਾ

ਆਵਾਜ਼ਿ ਕੌਮ AWAZE QAUM International Newspaper & WEB TV

### ਪੰਥਕ ਅਕਾਲੀ ਲਹਿਰ ਵੱਲੋਂ ਹੜ ਪੀੜਤ 50 ਤੋਂ ਵੱਧ ਪਿੰਡਾਂ ਦੇ

# ਗ੍ਰੰਥੀ ਸਿੰਘਾਂ ਦਾ ਸਨਮਾਨ ਅਤੇ ਵਿੱਤੀ ਸਹਾਇਤਾ




**ਡੇਰਾ ਬਾਬਾ ਨਾਨਕ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਥਕ ਅਕਾਲੀ ਲਹਿਰ ਵੱਲੋਂ ਪਿੰਡ ਠੇਠਰਕੇ ਨੇੜੇ ਡੇਰਾ ਬਾਬਾ ਨਾਨਕ ਵਿਖੇ ਹੜਾਂ ਤੋਂ ਪ੍ਰਭਾਵਿਤ 50 ਤੋਂ ਵੱਧ ਪਿੰਡਾਂ ਦੇ ਗ੍ਰੰਥੀ ਸਿੰਘਾਂ ਨੂੰ ਸਨਮਾਨਿਤ ਕਰਨ ਅਤੇ ਉਹਨਾਂ ਨੂੰ ਵਿੱਤੀ ਮਦਦ ਦੇਣ ਲਈ ਇੱਕ ਵਿਸ਼ੇਸ਼ ਸਮਾਗਮ ਕੀਤਾ ਗਿਆ।



ਇਸ ਮੌਕੇ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਅਤੇ ਪੰਥਕ ਅਕਾਲੀ ਲਹਿਰ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਭਾਈ ਰਣਜੀਤ ਸਿੰਘ ਨੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਪੰਜਾਬ ਸਮੇਤ ਸਮੁੱਚੇ ਵਿਸ਼ਵ ਵਿੱਚ ਵੱਖ-ਵੱਖ ਗੁਰੂਘਰਾਂ ਵਿੱਚ ਸੇਵਾ ਕਰਦੇ ਰਾਗੀ ਸਿੰਘਾ ਪਾਠੀ ਸਿੰਘਾਂ ਅਤੇ ਗ੍ਰੰਥੀ ਸਿੰਘਾਂ ਨੂੰ ਗੁਰਦੁਆਰਾ ਸਾਹਿਬਾਨ ਦੀਆਂ ਪ੍ਰਬੰਧਕ ਕਮੇਟੀਆਂ ਵੱਲੋਂ ਬਣਦੀ ਭੇਟਾ ਅਤੇ ਮਾਨ ਸਨਮਾਨ ਨਹੀਂ ਦਿੱਤਾ ਜਾਂਦਾ ਹੈ ਜੋ ਕਿ ਸਮੁੱਚੇ ਪੰਥ ਅਤੇ ਪੰਥਕ ਰਵਾਇਤਾਂ ਲਈ ਬਹੁਤ ਹੀ ਚਿੰਤਾ ਵਾਲਾ ਪਹਿਲੂ ਹੈ ।ਇਸ ਲਈ ਸਭ ਤੋਂ ਪਹਿਲਾਂ ਗੁਰੂ ਘਰ ਦੇ ਵਜ਼ੀਰਾਂ ਗ੍ਰੰਥੀ ਸਿੰਘਾਂ ਨੂੰ ਸਨਮਾਨ ਦੇਣ ਤੋਂ ਇਲਾਵਾ ਉਹਨਾਂ ਦਾ ਜੀਵਨ ਪੱਧਰ ਖੁਸ਼ਹਾਲ ਬਣਾਉਣ ਲਈ ਸੰਗਤ ਨੂੰ ਅਤੇ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੂੰ ਯਤਨ ਕਰਨੇ ਚਾਹੀਦੇ ਹਨ ।ਸਿੰਘ ਸਾਹਿਬ ਨੇ ਕਿਹਾ ਕਿ ਜਦੋਂ ਸੰਗਤ ਨੇ ਤਾਕਤ ਬਖਸ਼ੀ ਤਾਂ ਗੁਰੂ ਘਰਾਂ ਦੇ ਗ੍ਰੰਥੀ ਪਾਠੀ ਅਤੇ ਰਾਗੀ ਸਿੰਘਾਂ ਦਾ ਜੀਵਨ ਪੱਧਰ ਬਦਲਿਆ ਜਾਵੇਗਾ।

ਇਸ ਸਮਾਗਮ ਦੇ ਵਿੱਚ ਸੰਤ ਬਾਬਾ ਭੁਪਿੰਦਰ ਸਿੰਘ ਜਰਗ ਵਾਲੇ,ਸੰਤ ਬਾਬਾ ਲਖਬੀਰ ਸਿੰਘ ਰਤਵਾੜਾ ਸਾਹਿਬ,ਬਾਬਾ ਕਸ਼ਮੀਰਾ ਸਿੰਘ ਜੀ ਅਲਹੌਰਾ ਵਾਲੇ,ਭਾਈ ਤਰਲੋਚਨ ਸਿੰਘ ਜੀ ਹੈਡ ਗ੍ਰੰਥੀ ਅਲਾਹੌਰਾਂ ਵਾਲੇ,ਭਾਈ ਗੁਰਪ੍ਰੀਤ ਸਿੰਘ ਰੰਧਾਵੇ ਵਾਲੇ ਮੈਂਬਰ ਐਸਜੀਪੀਸੀ,ਡਾਕਟਰ ਬਾਬਾ ਹਰਦੇਵ ਸਿੰਘ ਜੀ ਅਲਹੌਰਾਂ ਵਾਲੇ,ਗਿਆਨੀ ਗੁਰਤਾਰ ਸਿੰਘ ਚੱਪੜ,ਬੀਬੀ ਸੁਖਵਿੰਦਰ ਕੌਰ ਬਾਜਵਾ,ਰਜਿੰਦਰ ਸਿੰਘ ਜਾਗਲਾ ਸੁਖਵਿੰਦਰ ਸਿੰਘ ਰਤਵਾੜਾ ਸਾਹਿਬ ਵਾਲੇ,ਪੰਥਕ ਅਕਾਲੀ ਲਹਿਰ ਦੇ ਮੁੱਖ ਬੁਲਾਰੇ ਭਾਈ ਰਵੇਲ ਸਿੰਘ ਸਹਾਇਪੁਰ,ਭਾਈ ਜੋਗਿੰਦਰ ਸਿੰਘ ਨਾਨੋਵਾਲ,ਡਾਕਟਰ ਗੁਰਦੇਵ ਸਿੰਘ,ਰਜਿੰਦਰ ਸਿੰਘ ਭੰਗੂ ਹਾਂਜੀ,ਗੁਰਪ੍ਰੀਤ ਸਿੰਘ ਠੇਠਰ ਕੇ,ਸੁਖਵੰਤ ਸਿੰਘ ਮੀਆਂਕੋਟ,ਬਲਵਿੰਦਰ ਸਿੰਘ ਬਾਜਵਾ,ਕੇਵਲ ਸਿੰਘ ਕੰਗ,ਗੁਰਮੀਤ ਸਿੰਘ ਮਗਰਾਲਾ,ਭਾਈ ਲਖਵਿੰਦਰ ਸਿੰਘ ਆਧੀਆਂ,ਭਾਈ ਰਣਜੀਤ ਸਿੰਘ ਖਾਲਸਾ,ਭਾਈ ਜੀਤ ਸਿੰਘ ਜੀ ਸਰਪ੍ਰਸਤ ਪੰਥਕ ਅਕਾਲੀ ਲਹਿਰ ਜ਼ਿਲਾ ਗੁਰਦਾਸਪੁਰ,ਰਜਿੰਦਰ ਸਿੰਘ ਕਾਲੂ,ਦਲਵਿੰਦਰ ਸਿੰਘ ਪ੍ਰਧਾਨ,ਸ਼ਮਸ਼ੇਰ ਸਿੰਘ ਖਾਸਾਵਾਲ,ਭਾਈ ਕੁਲਦੀਪ ਸਿੰਘ ਕਲਾਨੌਰ ਵੱਲੋਂ ਵਿਸ਼ੇਸ਼ ਤੌਰ ਤੇ ਇਸ ਸਮਾਗਮ ਵਿੱਚ ਅਹਿਮ ਸੇਵਾਵਾਂ ਨਿਭਾਉਣ ਤੋਂ ਇਲਾਵਾ ਨਗਦੀ ਭੇਟਾਂ ਦੇ ਕੇ ਵੀ ਮਦਦ ਕੀਤੀ ਗਈ। ਇਸ ਮੌਕੇ ਭਾਈ ਰਣਜੀਤ ਸਿੰਘ ਅਤੇ ਸੰਤ ਬਾਬਾ ਭੁਪਿੰਦਰ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਸਮਾਂ ਹੈ ਕਿ ਰਾਗੀ ਪਾਠੀ ਅਤੇ ਗ੍ਰੰਥੀ ਸਿੰਘਾਂ ਨੂੰ ਵੱਧ ਤੋਂ ਵੱਧ ਵਿੱਤੀ ਤੌਰ ਤੇ ਸਹਾਇਤਾ ਦਿੱਤੀ ਜਾਵੇ ਉਹਨਾਂ ਦੀਆਂ ਤਨਖਾਹਾਂ ਅਤੇ ਖਰਚਿਆਂ ਦਾ ਗੁਰਦੁਆਰਿਆਂ ਦੀਆਂ ਕਮੇਟੀਆਂ ਨੂੰ ਪ੍ਰਬੰਧ ਕਰਨਾ ਚਾਹੀਦਾ ਹੈ। ਉਹਨਾਂ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਇਹਨਾਂ ਗ੍ਰੰਥੀ ਸਿੰਘਾਂ ਅਤੇ ਰਾਗੀ ਸਿੰਘਾਂ ਨੂੰ ਕਦੀ ਬਣਦੀ ਮਦਦ ਨਹੀਂ ਦਿੱਤੀ ਗਈ। ਜਦ ਕਿ ਜਦੋਂ ਕੋਈ ਗ੍ਰੰਥੀ ਸਿੰਘ ਪਰਪੱਕ ਹੁੰਦਾ ਹੈ ਤਾਂ ਉਸ ਨੂੰ ਉਮਰ ਦੀ ਆੜ ਹੇਠ ਰਿਟਾਇਰ ਕਰ ਦਿੱਤਾ ਜਾਂਦਾ ਹੈ। ਜਦੋਂ ਕਿ ਬਾਬਾ ਬੁੱਢਾ ਜੀ ਭਾਈ ਮਨੀ ਸਿੰਘ ਵਰਗੇ ਸੰਤਾਂ ਮਹਾਂਪੁਰਸ਼ਾਂ ਵੱਲੋਂ ਇਹ ਗ੍ਰੰਥੀ ਸਿੰਘਾਂ ਦੀਆਂ ਸੇਵਾਵਾਂ ਨਿਭਾ ਕੇ ਸਾਨੂੰ ਪੰਥ ਪ੍ਰਸਤ ਬਣਾਇਆ ਗਿਆ ਸੀ।

ਇਸ ਮੌਕੇ ਸਮਾਗਮ ਦੇ ਪ੍ਰਬੰਧਕਾਂ ਵੱਲੋਂ ਇਹਨਾਂ ਸੰਤਾਂ ਮਹਾਂਪੁਰਸ਼ਾਂ ਦੇ ਕਰ ਕਮਲਾ ਰਾਹੀਂ 50 ਤੋਂ ਵੱਧ ਪਿੰਡਾਂ ਦੇ ਗ੍ਰੰਥੀ ਸਿੰਘਾਂ ਨੂੰ ਸਨਮਾਨਿਤ ਕਰਨ ਤੋਂ ਇਲਾਵਾ ਉਹਨਾਂ ਨੂੰ ਨਗਦ ਭੇਟਾਂ ਵੀ ਦਿੱਤੀ। ਹੜ ਪ੍ਰਭਾਵਿਤ ਖੇਤਰ ਅਤੇ ਲੋਕਾਂ ਦੀ ਮਦਦ ਕਰਨ ਵਾਲੇ ਅਮਰੀਕਾ ਵਾਸੀ ਕੁਲਵਿੰਦਰ ਸਿੰਘ ਭਿੰਡਰ ਅਤੇ ਪਰਿਵਾਰ ਨੂੰ ਵੀ ਸਨਮਾਨਿਤ ਕੀਤਾ ।ਇਸ ਤੋਂ ਇਲਾਵਾ ਉਨਾਂ ਨੇ ਇਹ ਵੀ ਵਿਸ਼ਵਾਸ਼ ਦਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਸਮਾਗਮ ਕਰਕੇ ਗ੍ਰੰਥੀ ਸਿੰਘਾਂ,ਰਾਗੀ ਸਿੰਘ ਅਤੇ ਪਾਠੀ ਸਿੰਘਾਂ ਨੂੰ ਲੜੀਦੀਆਂ ਭੇਟਾਵਾਂ ਅਤੇ ਮਾਲੀ ਮਦਦ ਯਾਰੀ ਰਹੇਗੀ। ਇਸ ਮੌਕੇ ਪੰਥਕ ਅਕਾਲੀ ਲਹਿਰ ਵੱਲੋਂ ਹਲਕਾ ਧੀਨਾ ਨਗਰ ਦੇ ਰਾਵੀ ਦਰਿਆ ਤੋਂ ਪਾਰ ਪੈਂਦੇ ਸੱਤ ਪਿੰਡਾਂ ਦੇ ਪੰਜ ਗ੍ਰੰਥੀ ਸਿੰਘਾਂ ਨੂੰ ਵੀ ਸਨਮਾਨਿਤ ਕੀਤਾ ਗਿਆ।

# ਪੈਨਸ਼ਨਰਾਂ ਦੀਆ ਲੰਬੇ ਸਮੇਂ ਪੈਂਡਿੰਗ ਜਾਇਜ ਤੇ ਹੱਕੀ ਮੰਗਾਂ ਨੂੰ ਪੂਰਾ ਕਰਨ ਸਰਕਾਰਾਂ : ਮੁਲਾਜਮ ਆਗੂ

**ਧੂਰੀ ( ਰਣਜੀਤ ਸਿੰਘ ਪੇਧਨੀ )**-ਗੌਰਮਿਟ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜੈਦੇਵ ਸਰਮਾ , ਸੂਬਾਈ ਆਗੂ ਹਰਦੇਵ ਸਿੰਘ ਜਵੰਧਾ ਨੇ ਇਕ ਸਾਂਝੇਂ ਪ੍ਰੈਸ ਬਿਆਨ ਰਾਹੀਂ ਪੈਨਸ਼ਨਰਾਂ ਦੀਆ ਲੰਬੇ ਸਮੇਂ ਪੈਂਡਿੰਗ ਜਾਇਜ ਤੇ ਹੱਕੀ ਮੰਗਾਂ ਨੂੰ ਪੂਰਾ ਕਰਨ ਦੀ ਮੰਗ ਕੀਤੀ ਹੈ ਅੱਜ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੂੰ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝੇ ਫਰੰਟ ਵੱਲੋਂ ਮੰਗ ਪੱਤਰ /ਸੰਘਰਸ ਦਾ ਨੋਟਿਸ ਦੇਣ ਉਪਰੰਤ ਉਹਨਾਂ ਕਿਹਾ ਕਿ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝੇ ਫਰੰਟ ਵੱਲੋਂ ਉਲੀਕੇ ਪ੍ਰੋਗਰਾਮ ਤਹਿਤ ਪੰਜਾਬ ਸਰਕਾਰ ਦੇ ਸਮੂਹ ਕੈਬਨਿਟ ਮੰਤਰੀਆਂ ਨੂੰ ਮੰਗ ਪੱਤਰ ਵਿਚ ਦਰਜ ਮੰਗਾਂ ਨੂੰ ਮੰਨਣ ਦੀ ਅਪੀਲ ਕੀਤੀ ਗਈ। ਜੇਕਰ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਨਾ ਮੰਨਿਆ ਗਿਆ ਤਾਂ ਪੰਜਾਬ ਦੇ ਸਮੂਹ ਮੁਲਾਜ਼ਮ ਅਤੇ ਪੈਨਸ਼ਨਰ 16 ਨਵੰਬਰ ਨੂੰ ਸੰਗਰੂਰ ਵਿਖੇ ਵਿਸਾਲ ਰੋਸ ਰੈਲੀ ਅਤੇ ਰੋਸ ਮਾਰਚ ਕਰਨਗੇ, ਉਹਨਾਂ ਕਿਹਾ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰ ਕੇਂਦਰ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲੋਂ 16% ਡੀਏ ਘੱਟ ਲੈ ਰਹੇ ਹਨ੍ ਇਸ ਤੋਂ ਇਲਾਵਾ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ,ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨਾ ,ਪੈਨਸ਼ਨਾਂ ਦੀ 2. 59 ਫੈਕਟਰ ਨਾਲ ਸੋਧ ਕਰਨੀ ,ਪੇਂਡੂ ਭੱਤੇ ਸਮੇਤ ਕੱਟੇ ਸਾਰੇ ਭੱਤੇ ਬਹਾਲ ਕਰਨੇ, ਛੇਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ ਦਾ ਦੂਜਾ ਭਾਗ ਜਾਰੀ ਕਰਨਾ , ਮੈਡੀਕਲ ਭੱਤਾ 2000 ਰੁਪਏ ਕਰਨਾ ਅਤੇ ਕੈਸ ਲੈਸ ਹੈਲਥ ਸਕੀਮ ਲਾਗੂ ਕਰਨਾ ਆਦਿ ਮੁੱਖ ਮੰਗਾਂ ਹਨ੍ ਵਫਦ ਵਿੱਚ , ਸਾਧੂ ਸਿੰਘ ਮੀਰਹੇੜੀ/ ਬੁੱਧ ਸਿੰਘ ਪੀ ਪੀ, ਬਚਿੱਤਰ ਸਿੰਘ ਸੇਰਪੁਰ, ਹਰਚਰਨ ਸਿੰਘ ਲਹਿਰੀ, ਦਿਆਲ ਸਿੰਘ ਧੂਰਾ, ਭਰਪੂਰ ਸਿੰਘ ਭੋਜੋਵਾਲੀ ,ਚਰਨਜੀਤ ਸਿੰਘ ਸੋਹੀ, ਵਿਸ਼ੇਸ਼ ਤੌਰ ਤੇ ਸ਼ਾਮਿਲ ਸਨ।



# ਐਸਐਫਜੇ ਨੇ ਕੈਨੇਡਾ ਵਿੱਚ ਭਾਰਤੀ ਹਾਈ ਕਮਿਸ਼ਨਰ ਦਿਨੇਸ਼ ਪਟਨਾਇਕ ਨੂੰ ਦਿੱਤਾ ਗਿਆ ਅਲਟੀਮੇਟਮ, ਵਾਪਿਸ ਜਾਓ ਜਾ ਮੂੰਹ ਬੰਦ ਰੱਖੋ

## ਪਟਨਾਇਕ ਦੇ ਰਿਹਾਇਸ਼ੀ ਪਤੇ ਦੀ ਪੁਸ਼ਟੀ ਕਰਨ ਲਈ ਪੰਜ ਹਜਾਰ ਡਾਲਰ ਇਨਾਮ ਦਾ ਐਲਾਨ




**ਨਵੀਂ ਦਿੱਲੀ 12 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:-ਕੈਨੇਡਾ ਦੀ ਵਿਦੇਸ਼ ਮੰਤਰੀ ਅਨੀਤਾ ਆਨੰਦ ਦੀ ਭਾਰਤ ਫੇਰੀ ਤੋਂ ਪਹਿਲਾਂ, ਸਿੱਖਸ ਫਾਰ ਜਸਟਿਸ ਨੇ ਕੈਨੇਡਾ ਵਿੱਚ ਭਾਰਤ ਦੇ ਹਾਈ ਕਮਿਸ਼ਨਰ ਦਿਨੇਸ਼ ਕੇ. ਪਟਨਾਇਕ 'ਤੇ ਕੈਨੇਡਾ ਵਿੱਚ ਭਾਰਤ ਦੇ ਹਿੰਸਕ ਅੰਤਰਰਾਸ਼ਟਰੀ ਦਮਨ ਦਾ ਨਵਾਂ ਚਿਹਰਾ ਬਣਨ ਦਾ ਦੋਸ਼ ਲਗਾਉਂਦੇ ਹੋਏ, ਪਟਨਾਇਕ ਨੂੰ ਵਾਪਿਸ ਜਾਓ ਜਾਂ ਮੂੰਹ ਬੰਦ ਰੱਖਣ ਦਾ ਅਲਟੀਮੇਟਮ ਦਿੱਤਾ ਹੈ।ਐਸਐਫਜੇ ਦੇ ਕੌਂਸਲ ਜਨਰਲ ਗੁਰਪਤਵੰਤ ਸਿੰਘ ਪਨੂੰ ਅਨੁਸਾਰ, ਪਟਨਾਇਕ ਨੇ ਆਪਣੇ ਅਹੁਦੇ ਦੇ ਪਹਿਲੇ ਹਫ਼ਤੇ ਦੇ ਅੰਦਰ ਆਜ਼ਾਦੀ ਪਸੰਦ ਸਿੱਖਾਂ ਦੀ ਜਾਸੂਸੀ, ਨਿਗਰਾਨੀ ਅਤੇ ਖਾਲਿਸਤਾਨ ਰੈਫਰੈਂਡਮ ਪ੍ਰਬੰਧਕਾਂ ਅਤੇ ਸਮਰਥਕਾਂ ਦੀ ਰਿਪੋਰਟਿੰਗ ਲਈ ਕੈਨੇਡੀਅਨ ਨਾਗਰਿਕਾਂ ਦੀ ਭਰਤੀ ਕਰਕੇ ਕੂਟਨੀਤੀ ਦੀ ਲਾਲ ਰੇਖਾ ਪਾਰ ਕਰ ਦਿੱਤੀ ਹੈ ਜੋ ਕਿ ਕੈਨੇਡਾ ਦੀ ਪ੍ਰਭੂਸੱਤਾ 'ਤੇ ਸਿੱਧਾ ਹਮਲਾ ਹੈ ਅਤੇ ਓਟਾਵਾ ਵਿੱਚ 23 ਨਵੰਬਰ ਨੂੰ ਹੋਣ ਵਾਲੀ ਖਾਲਿਸਤਾਨ ਰੈਫਰੈਂਡਮ ਵੋਟਿੰਗ ਨੂੰ ਸਾਬੋਤਾਜ ਕਰਨ ਦੀ ਕੋਸ਼ਿਸ਼ ਹੈ। ਉਨ੍ਹਾਂ ਦਸਿਆ ਕਿ ਐਸਐਫਜੇ ਨੇ ਇਨ੍ਹਾਂ ਦੋਸ਼ਾਂ ਨੂੰ ਵਿਦੇਸ਼ ਮੰਤਰੀ ਅਨੀਤਾ ਆਨੰਦ ਦੇ ਧਿਆਨ ਵਿੱਚ ਲਿਆਂਦਾ ਹੈ, ਅਤੇ ਉਨ੍ਹਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਆਉਣ ਵਾਲੀ ਭਾਰਤ ਫੇਰੀ ਦੌਰਾਨ ਅਜਿਹੀ ਦਖਲਅੰਦਾਜ਼ੀ ਲਈ ਮੋਦੀ ਸਰਕਾਰ ਦਾ ਸਾਹਮਣਾ ਕਰਨ ਅਤੇ ਉਨ੍ਹਾਂ ਨੂੰ ਸਹਿਯੋਗ ਕਰਨ ਦੀ ਬਜਾਏ ਵਿਰੋਧ ਕਰਨ। ਉਨ੍ਹਾਂ ਦਸਿਆ ਐਸਐਫਜੇ ਵਲੋਂ 18 ਅਕਤੂਬਰ ਨੂੰ ਸ਼ਹੀਦ ਹਰਦੀਪ ਸਿੰਘ ਨਿੱਝਰ ਦੀ ਸ਼ਹਾਦਤ ਦੇ ਦਿਨ ਦਿਨੇਸ਼ ਪਟਨਾਇਕ ਦੇ ਓਟਾਵਾ ਨਿਵਾਸ ਦੇ ਬਾਹਰ 12 ਘੰਟੇ ਦਾ "ਘੇਰਾਵ" ਰੱਖਿਆ ਗਿਆ ਹੈ ਅਤੇ ਹਾਈ ਕਮਿਸ਼ਨਰ ਦੇ ਰਿਹਾਇਸ਼ੀ ਪਤੇ ਦੀ ਪੁਸ਼ਟੀ ਕਰਨ ਲਈ ਪੰਜ ਹਜਾਰ ਡਾਲਰ ਇਨਾਮ ਦਾ ਐਲਾਨ ਕੀਤਾ ਗਿਆ ਹੈ।

# ਬਾਹਰੀ ਸੂਬੇ ਤੋਂ ਹੋਣ ਦੇ ਸ਼ੱਕ 'ਚ ਕਿਸਾਨਾਂ ਨੇ ਝੋਨੇ ਦੇ ਭਰੇ ਟਰੱਕ ਰੋਕੇ



ਤਲਵੰਡੀ ਸਾਬੋ, 12 ਅਕਤੂਬਰ (ਗੁਰਜੰਟ ਸਿੰਘ ਨਥੇਹਾ)- ਨਜ਼ਦੀਕੀ ਪਿੰਡ ਭਾਗੀਵਾਂਦਰ ਨੇੜੇ ਅੱਜ ਕਿਸਾਨਾਂ ਨੇ ਝੋਨੇ ਦੇ ਭਰੇ ਵੱਡੇ ਟਰੱਕ ਬਾਹਰੀ ਸੂਬੇ ਦੇ ਹੋਣ ਦਾ ਸ਼ੱਕ ਪੈਣ 'ਤੇ ਕਿਸਾਨ ਯੂਨੀਅਨ ਡਕੌਂਦਾ ਦੇ ਜਿਨਾਂ ਸੀਨੀਅਰ ਮੀਤ ਪ੍ਰਧਾਨ ਬਲਕਰਨ ਸਿੰਘ ਵੱਲੋਂ ਰੋਕ ਲਏ ਗਏ, ਜਿਸ 'ਤੇ ਕਿਸਾਨਾਂ ਨੇ ਟਰੱਕਾਂ ਦੀ ਜਾਂਚ ਕੀਤੀ ਤਾਂ ਟਰੱਕਾਂ 'ਚ ਵੱਡੀ ਮਾਤਰਾ 'ਚ ਝੋਨਾ ਲੱਦਿਆ ਹੋਇਆ ਸੀ ਜੋ ਕਿ ਬਾਹਰੀ ਸੂਬੇ ਦੇ ਮਾਰਕੇ ਵਾਲੀਆਂ ਬੋਰੀਆਂ 'ਚ ਭਰਿਆ ਹੋਇਆ ਸੀ। ਇਹ ਝੋਨਾ ਦੂਜੇ ਸੂਬੇ 'ਚੋਂ ਸਸਤੇ ਭਾਅ ਖਰੀਦ ਕੇ ਪੰਜਾਬ 'ਚ ਮਹਿੰਗੇ ਭਾਅ 'ਤੇ ਵੇਚਣ ਲਈ ਲਿਆਂਦਾ ਹੋਣ ਦਾ ਸ਼ੱਕ ਪਿਆ, ਜਿਸ 'ਤੇ ਕਿਸਾਨਾਂ ਵਲੋਂ ਸਾਰੇ ਟਰੱਕਾਂ ਨੂੰ ਰੋਕ ਲਿਆ ਗਿਆ ਅਤੇ ਡਕੌਂਦਾ ਦੇ ਜ਼ਿਲ੍ਹਾ ਪ੍ਰਧਾਨ ਰਾਜ ਮਹਿੰਦਰ ਸਿੰਘ ਵੱਲੋਂ ਸੈਲਰ ਦੇ ਗੇਟ ਅੱਗੇ ਧਰਨਾ ਦਿੱਤਾ ਗਿਆ। ਫੂਡ ਸਪਲਾਈ ਵਿਭਾਗ ਨੂੰ ਸੂਚਨਾ ਮਿਲਣ 'ਤੇ ਏ.ਐਫ.ਐਸ.ਓ ਗਗਨਦੀਪ ਸ਼ਰਮਾ, ਮਾਰਕੀਟ ਕਮੇਟੀ ਦੇ ਸੁਪਰਵਾਈਜ਼ਰ ਵਿਪਨ ਕੁਮਾਰ, ਗਗਨਦੀਪ ਸਿੰਘ, ਤਲਵੰਡੀ ਸਾਬੋ ਪੁਲਿਸ ਮੁਖੀ ਹਰਬੰਸ ਸਿੰਘ ਮੌਕੇ 'ਤੇ ਪਹੁੰਚੇ। ਜ਼ਿਲਾ ਫੂਡ ਸਪਲਾਈ ਅਫਸਰ ਗਗਨਦੀਪ ਸ਼ਰਮਾ ਅਨੁਸਾਰ ਇਹ ਝੋਨਾ ਮਾਹੀਨੰਗਲ ਇੰਡਸਟਰੀ ਦੇ ਮਾਲਕ ਵਲੋਂ ਲਿਆਂਦਾ ਗਿਆ ਸੀ, ਜਿਸ ਬਾਰੇ ਉਨ੍ਹਾਂ ਦੱਸਿਆ ਕਿ ਕੁਝ ਸ਼ੈਲਰ ਮਾਲਕ ਆਪਣਾ ਕੋਟਾ ਪੂਰਾ ਕਰਨ ਲਈ ਸਰਪਲੱਸ ਮੰਡੀਆਂ ਤੋਂ ਝੋਨਾ ਲੈ ਲੈਂਦੇ ਹਨ, ਜਿਸ ਦੀ ਸ਼ਰਤ ਅਨੁਸਾਰ ਬਾਰਦਾਨਾ ਸ਼ੈਲਰ ਮਾਲਕ ਨੂੰ ਲਾਉਣਾ ਪੈਂਦਾ ਹੈ ਅਤੇ ਸੈਲਰ ਮਾਲਕ ਪ੍ਰਾਈਵੇਟ ਕਿਸੇ ਵੀ ਮੰਡੀ ਤੋਂ ਬਨਾਸਪਤੀ ਝੋਨਾ ਖਰੀਦ ਸਕਦਾ ਹੈ ਕਿਸਾਨ ਆਗੂਆਂ ਨਾਲ ਮੀਟਿੰਗ ਕਰਨ ਤੋਂ ਬਾਅਦ ਭਾਰਤੀ ਕਿਸਾਨ ਯੂਨੀਅਨ ਦੇ ਆਗੂਆਂ ਵਲੋਂ ਧਰਨਾ ਚੁੱਕ ਦਿੱਤ ਗਿਆ। ਇਸ ਤੋਂ ਬਾਅਦ ਕਿਸਾਨਾਂ ਵਲੋਂ ਟਰੱਕਾਂ ਵਿੱਚੋਂ ਝੋਨਾ ਲਾਹੁਣ ਦਿੱਤਾ ਗਿਆ। ਇਸ ਮੌਕੇ ਡਕੌਂਦਾ ਯੂਨੀਅਨ ਦੇ ਸੈਂਕੜੇ ਕਿਸਾਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਨੌਜਵਾਨਾਂ ਵੱਲੋਂ ਰਲ ਕੇ

# ਕਬੱਡੀ ਟੂਰਨਾਮੈਂਟ ਕਰਵਾਉਣੇ ਸਮੇਂ ਦੀ ਮੁੱਖ ਲੋੜ ਹੈ-ਗੋਲਡੀ ਖੜਿਆਲ





**ਧੂਰੀ ( ਰਣਜੀਤ ਸਿੰਘ ਪੇਧਨੀ )**-ਸ੍ਰੀ ਗੁਰੂ ਤੇਗ ਬਹਾਦਰ ਕਲੱਬ ਰਜਿ: ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਦੇ ਨਾਲ ਪਿੰਡ ਰਾਜੋਮਾਜਰਾ ਵਿਖੇ ਮਾਲਵਾ ਕਬੱਡੀ ਲੀਗ ਦੇ ਮੈਚ ਕਰਵਾਏ ਗਏ। ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੇ ਜਨਰਲ ਸਕੱਤਰ ਸ ਵਿਨਰਜੀਤ ਸਿੰਘ ਗੋਲਡੀ ਖੜਿਆਲ ਅਤੇ ਧੂਰੀ ਹਲਕੇ ਤੋ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਉੱਘੇ ਸਮਾਜ ਸੇਵੀ ਸ ਰਣਜੀਤ ਸਿੰਘ ਰੰਧਾਵਾ ਕਬੱਡੀ ਖਿਡਾਰੀਆਂ ਦਾ ਹੌਂਸਲਾ ਅਫਜਾਈ ਕਰਨ ਦੇ ਲਈ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਸਰਦਾਰ ਬਿਨਰਜੀਤ ਸਿੰਘ ਗੋਲਡੀ ਨੇ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲ ਦਲ ਦੇ ਵਿੱਚੋਂ ਕੱਢਣ ਦੇ ਲਈ ਕਬੱਡੀ ਟੂਰਨਾਮੈਂਟਕਰਵਾਉਣੇ ਬਹੁਤ ਜਰੂਰੀ ਹਨ ਕਿਉਂਕਿਜਿਸ ਨਾਲ ਨੌਜਵਾਨਾਂ ਨੂੰ ਇੱਕ ਚੰਗੀ ਸੇਧ ਮਿਲਦੀ ਹੈ। ਇਸ ਮੌਕੇ ਜੱਗੀ ਢੀਂਡਸਾ,ਮੱਖਣ ਸ਼ੇਰਗਿੱਲ, ਰੂਬੀ ਨੰਬਰਦਾਰ,ਸੁਰਜੀਤ ਸਿੰਘ ਰਾਜੂਮਾਜਰਾ, ਮਨਪ੍ਰੀਤ ਸਿੰਘ ਬੱਬਲ, ਜੋਗਾ ਸਿੰਘ, ਡਾ, ਕਰਨ ਸੇਰਪੁਰ, ਡਾ ਜਗਜੀਤ ਸਿੰਘ ਘਨੌਰੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪੋਲੀਓ ਦੇ ਖ਼ਾਤਮੇ ਲਈ ਬੱਚਿਆਂ ਦੇ

# ਮਾਪਿਆਂ ਦਾ ਸਹਿਯੋਗ ਬੇਹੱਦ ਜ਼ਰੂਰੀ- ਡਾ.ਰਵੀ ਕਾਂਤ ਗੁਪਤਾ





**ਤਲਵੰਡੀ ਸਾਬੋ, 12 ਅਕਤੂਬਰ (ਗੁਰਜੰਟ ਸਿੰਘ ਨਥੇਹਾ)**- ਸਿਹਤ ਵਿਭਾਗ ਪੰਜਾਬ ਵੱਲੋ ਸੂਬੇ ਨੂੰ ਲਗਾਤਾਰ ਪੋਲੀਓ ਮੁਕਤ ਸੂਬਾ ਬਣਾਈ ਰੱਖਣ ਦੇ ਮਨਸੂਬੇ ਤਹਿਤ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਵਲ ਸਰਜਨ ਬਠਿੰਡਾ ਦੀ ਯੋਗ ਅਗਵਾਈ ਹੇਠ ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਦੀ ਰਹਿਨੁਮਾਈ ਹੇਠ ਪਲਸ ਪੋਲੀਓ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੁਹਿੰਮ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਐੱਮ.ਓ ਡਾ. ਰਵੀ ਕਾਂਤ ਗੁਪਤਾ ਨੇ ਕਿਹਾ ਜੇਕਰ ਪੋਲੀਓ ਤੇ ਹੋ ਚੁੱਕੀ ਜਿੱਤ ਨੂੰ ਬਰਕਰਾਰ ਰੱਖਣਾ ਹੈ ਤਾਂ ਸਿਹਤ ਵਿਭਾਗ ਦੇ ਯਤਨਸ਼ੀਲ ਰਹਿਣ ਦੇ ਨਾਲ ਨਾਲ ਛੋਟੇ ਬੱਚਿਆਂ ਦੇ ਮਾਪਿਆ ਨੂੰ ਸਹਿਯੋਗ ਦੇਣ ਲਈ ਹਰ ਵਾਰ ਤਿਆਰ ਬਰ ਤਿਆਰ ਰਹਿਣਾ ਪਵੇਗਾ ਤਾਂ ਹੀ ਅਸੀ ਇਸ ਬਿਮਾਰੀ ਨੂੰ ਖਤਮ ਕਰਨ ਵਿੱਚ ਕਾਮਯਾਬ ਰਹਾਂਗੇ। ਐੱਸ.ਐੱਮ.ਓ ਡਾ. ਰਵੀ ਕਾਂਤ ਗੁਪਤਾ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਸਮਝਦਾਰ ਅਤੇ ਜ਼ੁੰਮੇਵਾਰ ਨਾਗਰਿਕ ਹੋਣ ਦੇ ਨਾਤੇ ਆਪਣੇ 0 ਤੋਂ 05 ਸਾਲ ਤੱਕ ਦੀ ਉਮਰ ਦੇ ਬੱਚਿਆਂ ਨੂੰ ਨਜ਼ਦੀਕੀ ਪੋਲੀਓ ਬੂਥ ’ਤੇ ਲਿਜਾ ਕੇ ਪੋਲੀਓ ਰੋਧਕ ਬੂੰਦਾਂ ਪਿਲਾਉਣ ਅਤੇ ਸਿਹਤ ਵਿਭਾਗ ਦੁਆਰਾ ਗਠਿਤ ਟੀਮਾਂ ਨੂੰ ਪੂਰਨ ਸਹਿਯੋਗ ਕਰਨ ਤਾਂ ਜੋ ਇਸ ਮੁਹਿੰਮ ਨੂੰ ਪੂਰਨ ਰੂਪ ਵਿੱਚ ਸਫਲ ਕੀਤਾ ਜਾ ਸਕੇ। ਇਸ ਤਿੰਨ ਦਿਨਾ ਚਲਾਈ ਜਾਣ ਵਾਲੀ ਮੁਹਿੰਮ ਸਬੰਧੀ ਜਾਣਕਾਰੀ ਦਿੰਦਿਆਂ ਉਹਨਾ ਕਿਹਾ ਕਿ ਸਿਹਤ ਬਲਾਕ ਤਲਵੰਡੀ ਸਾਬੋ ਅਧੀਨ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਕਵਰ ਕਰਨ ਲਈ ਸਿਹਤ ਵਿਭਾਗ ਵੱਲੋ 111 ਬੂਥ ਬਣਾਏ ਗਏ ਹਨ ਅਤੇ 4 ਟਰਾਂਜਿਟ ਬੂਥ ਲਗਾਏ ਗਏ ਹਨ। ਇਹਨਾਂ ਤੋਂ ਇਲਾਵਾ 02 ਮੋਬਾਇਲ ਟੀਮਾਂ ਦਾ ਵੀ ਗਠਨ ਕੀਤਾ ਗਿਆ ਹੈ। ਇਹਨਾਂ ਟੀਮਾਂ ਵਿੱਚ 314 ਟੀਮ ਮੈਂਬਰਾਂ ਦੀ ਡਿਊਟੀ ਲਗਾਈ ਗਈ ਹੈ। ਇਹਨਾ ਟੀਮਾਂ ਦੀ ਸੁਪਰਵੀਜਨ ਲਈ 17 ਸੁਪਰਵਾਈਜ਼ਰ ਨਿਯੁਕਤ ਕੀਤੇ ਗਏ ਹਨ। ਇਹਨਾਂ ਟੀਮ ਮੈਂਬਰਾਂ ਵਿੱਚ ਜ਼ਿਆਦਾਤਰ ਸਿਹਤ ਕਰਮਚਾਰੀ, ਨਰਸਿੰਗ ਸਟੂਡੈਂਟ, ਆਂਗਨਵਾੜੀ ਵਰਕਰ, ਸਮਾਜ ਸੇਵੀ ਸਮੇਤ ਐੱਨ ਜੀ ਓ ਵੀ ਲਗਾਏ ਗਏ ਹਨ। ਉਹਨਾਂ ਦੱਸਿਆ ਕਿ ਸਾਰੇ ਸ਼ਹਿਰੀ ਖੇਤਰਾਂ ਅਤੇ ਪਿੰਡਾਂ ਵਿੱਚ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣ ਦੀ ਮੁਹਿੰਮ ਦੀ ਸ਼ੁਰੂਆਤ ਦੌਰਾਨ ਪਹਿਲੇ ਦਿਨ ਬੂਥਾਂ ਤੇ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਤਿੰਨ ਦਿਨ ਚੱਲਣ ਵਾਲੀ ਇਸ ਮੁਹਿੰਮ ਦੌਰਾਨ ਅੱਜ ਪਹਿਲੇ ਦਿਨ ਬਲਾਕ ਤਲਵੰਡੀ ਸਾਬੋ ਦੇ ਵੱਖ-ਵੱਖ ਬੂਥਾਂ ਤੇ ਪੋਲੀਓ ਰੋਕੂ ਬੂੰਦਾਂ ਪਿਲਾਈਆਂ ਜਾ ਰਹੀਆਂ ਹਨ। ਜਿਹੜੇ 5 ਸਾਲ ਤੱਕ ਦੇ ਬੱਚੇ ਅੱਜ ਪੋਲੀਓ ਬੂੰਦਾਂ ਪੀਣ ਤੋਂ ਵਾਂਝੇ ਰਹਿ ਗਏ ਉਨ੍ਹਾਂ ਨੂੰ 13 ਅਕਤੂਬਰ ਤੇ 14 ਅਕਤੂਬਰ ਨੂੰ ਘਰਾਂ ਵਿੱਚ ਜਾ ਕੇ ਸਿਹਤ ਵਿਭਾਗ ਦੀਆਂ 159 ਟੀਮਾਂ ਵਲੋਂ ਪੋਲੀਓ ਬੂੰਦਾਂ ਪਿਲਾਈਆਂ ਜਾਣਗੀਆਂ। ਬਲਾਕ ਐਜੂਕੇਟਰ ਗੁਰਸਿਮਰਤ ਕੌਰ ਨੇ ਦੱਸਿਆ ਕਿ ਹਾਈ ਰਿਸਕ ਖੇਤਰਾਂ ਵਿੱਚ ਬਣੀਆ ਝੁੱਗੀਆਂ ਝੌਂਪੜੀਆਂ, ਬਸਤੀਆਂ, ਢਾਣੀਆਂ, ਟੱਪਰੀਵਾਸਾਂ, ਭੱਠਿਆਂ, ਪੱਥੇਰਾਂ, ਉਦਯੋਗਿਕ ਇਕਾਈਆਂ ਵਿੱਚ ਰਹਿੰਦੇ ਪਰਿਵਾਰਾਂ ਦੇ 5 ਸਾਲ ਤੱਕ ਦੇ ਬੱਚਿਆਂ ਨੂੰ ਕਵਰ ਕਰਨ ਲਈ ਸਪੈਸ਼ਲ 02 ਮੋਬਾਈਲ ਟੀਮਾਂ ਦਾ ਗਠਨ ਕੀਤਾ ਗਿਆ ਹੈ। ਇਹ ਮੋਬਾਇਲ ਟੀਮਾਂ ਇਹਨਾਂ ਥਾਂਵਾਂ ਤੇ ਰਹਿੰਦੇ 0 ਤੋਂ 5 ਸਾਲ ਤੱਕ ਦੇ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣ ਦਾ ਕੰਮ ਕਰਨਗੀਆਂ, ਕਿਉਕਿ ਇਹਨਾਂ ਥਾਂਵਾਂ ’ਤੇ ਪ੍ਰਵਾਸੀਆਂ ਦਾ ਆਉਣ ਜਾਣ ਬਣਿਆ ਰਹਿੰਦਾ ਹੈ ਇਸ ਲਈ ਇਹਨਾਂ ਥਾਂਵਾਂ ਤੇ ਬਿਮਾਰੀ ਦਾ ਖ਼ਤਰਾ ਆਮ ਨਾਲੋ ਜ਼ਿਆਦਾ ਹੁੰਦਾ ਹੈ।

**ਤਿੰਨ ਦਿਨਾ ਪਲਸ ਪੋਲੀਓ ਮੁਹਿੰਮ ਤਹਿਤ ਬੱਚਿਆਂ ਨੂੰ ਪੋਲੀਓ ਰੋਧਕ ਬੂੰਦਾਂ ਪਿਲਾਉਣ ਦੀ ਹੋਈ ਸ਼ੁਰੂਆਤ**

ਆਵਾਜ਼ਿ ਕੌਮ AWAZE QAUM International Newspaper & WEB TV

# ਐਸ ਐਚ ਸੀ ਚੰਨਣਕੇ ਵਿੱਖੇ ਪੋਲੀਉ ਬੂੰਦਾਂ ਪਿਲਾਈਆ ਗਈਆਂ



**ਚੌਕ ਮਹਿਤਾ, 12 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਵਲ ਸਰਜਨ ਅਮਿੰਰਤਸਰ ਅਤੇ ਐਸ ਐਮ ਉ ਤਰਸਿੱਕਾ ਨਿਰਾ ਨਿਰਦੇਸਾ ਅਨੁਸਾਰ ਐਸ ਐਚ ਸੀ ਚੰਨਣਕੇ ਵਿੱਖੇ ਨਵ ਜਨਮੇ ਬੱਚੇ ਤੌ ਪੰਜ ਸਾਲ ਦੀ ਉਮਰ ਤੱਕ ਬੱਚਿਆਂ ਨੂੰ ਪਲਸ ਪੋਲੀਉ ਦੀਆਂ ਬੂੰਦਾਂ ਪਿਲਾਈਆ ਗਈਆਂ। ਇਸ ਮੌਕੇ ਤੇ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਨੇ ਬੱਚੇ ਨੂੰ ਬੂੰਦਾਂ ਪਿਲਾਈਆ ਇਸ ਮੌਕੇ ਤੇ, ਡਾ, ਰੂਪਕੰਵਲ ਚੰਦੀ ਮੈਡੀਕਲ ਅਫ਼ਸਰ, ਡਾ, ਰਸਲੀਨ ਕੌਰ ਨੋਡਲ ਅਫਸਰ ਪਲਸ ਪੋਲੀਉ, ਗੁਰਮੁੱਖ ਸਿੰਘ ਬੀ, ਈ, ਈ, ਕੋਮਲਪ੍ਰੀਤ ਕੌਰ ਏ ਐਨ ਐਮ, ਨਿਰਮਲ ਸਿੰਘ ਹੈਲਥ ਵਰਕਰ, ਅਮਨਪ੍ਰੀਤ ਕੌਰ ਆਸਾ ਵਰਕਰ, ਜਸਨਪਰੀਤ ਕੌਰ ਆਸਾ ਵਰਕਰ ਮਨੁਦੀਪ ਕੌਰ ਆਸਾ ਵਰਕਰ, ਜਸਵੰਤ ਸਿੰਘ ਸੇਵਾਦਾਰ, ਸਮਾਜ ਸੇਵੀ ਬਾਬਾ ਸੁਖਵੰਤ ਸਿੰਘ ਚੰਨਣਕੇ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਫਗਾਨ ਸਰਹੱਦ ’ਤੇ ਗ੍ਰਹਿ ਯੁੱਧ ਦਾ ਤਣਾਅ

## ☛ ਬ੍ਰਿਟੇਨ ਦੀ ਸਰਕਾਰ ਨੇ ਜਾਰੀ ਕੀਤੀ ਪਾਕਿਸਤਾਨ ਯਾਤਰਾ ਲਈ ਅਡਵਾਇਜਰੀ ☛ ਸਿੱਖ ਯਾਤਰੀਆਂ ਲਈ ਵਧੀਆ ਸੁਰੱਖਿਆ ਇੰਤਜ਼ਾਮ – ਰਮੇਸ਼ ਸਿੰਘ ਅਰੋੜਾ





**ਲੰਡਨ, 12 ਅਕਤੂਬਰ (ਸਰਬਜੀਤ ਸਿੰਘ ਬਨੂੜ)**-ਬ੍ਰਿਟੇਨ ਦੀ ਵਿਦੇਸ਼ ਮਾਮਲਿਆਂ ਦੀ ਵਿਭਾਗ ਨੇ ਪਾਕਿਸਤਾਨ ਲਈ ਨਵੀਂ ਯਾਤਰਾ ਸਲਾਹ ਜਾਰੀ ਕਰਦਿਆਂ ਚੇਤਾਵਨੀ ਦਿੱਤੀ ਹੈ ਕਿ ਕੁਝ ਖੇਤਰਾਂ ਵਿੱਚ ਕੇਵਲ ਜ਼ਰੂਰੀ ਯਾਤਰਾ ਹੀ ਕੀਤੀ ਜਾਵੇ, ਜਦਕਿ ਕੁਝ ਇਲਾਕਿਆਂ ਵਿੱਚ ਜਾਣ ਤੋਂ ਪੂਰੀ ਤਰ੍ਹਾਂ ਪਰਹੇਜ਼ ਕਰਨ ਦੀ ਸਲਾਹ ਦਿੱਤੀ ਗਈ ਹੈ। ਪਾਕਿਸਤਾਨ ਦੀ ਉੱਤਰੀ ਅਤੇ ਪੱਛਮੀ ਸਰਹੱਦ ‘ਤੇ ਅਫਗਾਨਿਸਤਾਨ ਨਾਲ ਲਗਦੇ ਖੇਤਰਾਂ ਵਿੱਚ ਹਾਲਾਤ ਤਣਾਅਪੂਰਨ ਹਨ। ਬ੍ਰਿਟਿਸ਼ ਸਰਕਾਰ ਦੀ ਅਡਵਾਇਜਰੀ ਮੁਤਾਬਕ, ਇਨ੍ਹਾਂ ਇਲਾਕਿਆਂ ਵਿੱਚ ਹਥਿਆਰਬੰਦ ਟਕਰਾਅ, ਬੰਬ ਹਮਲੇ, ਤੇ ਰਾਸ਼ਟਰੀ ਫੌਜ ਨਾਲ ਛੋਟੀ ਪੱਧਰੀ ਝੜਪਾਂ ਦੀ ਸੰਭਾਵਨਾ ਹੈ। ਇਸ ਕਰਕੇ ਵਿਦੇਸ਼ੀ ਯਾਤਰੀਆਂ ਨੂੰ ਇਨ੍ਹਾਂ ਖੇਤਰਾਂ ਵਿੱਚ ਜਾਣ ਤੋਂ ਰੋਕਿਆ ਗਿਆ ਹੈ, ਅਤੇ ਸੁਰੱਖਿਆ ਅਧਿਕਾਰੀਆਂ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਗਈ ਹੈ। ਇਸ ਮੌਕੇ ਸਿੱਖ ਯਾਤਰੀਆਂ ਲਈ ਵਿਸ਼ੇਸ਼ ਤਿਆਰੀਆਂ ਬਾਰੇ ਜਗਬਾਣੀ ਨਾਲ ਫੋਨ ਤੇ ਗੱਲਬਾਤ ਕਰਦਿਆਂ ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ (PSGPC) ਦੇ ਪ੍ਰਧਾਨ ਅਤੇ ਪਾਕਿਸਤਾਨੀ ਮੰਤਰੀ ਸ. ਰਮੇਸ਼ ਸਿੰਘ ਅਰੋੜਾ ਨੇ ਕਿਹਾ ਹੈ ਕਿ ਸਿੱਖ ਯਾਤਰੀਆਂ ਦੀ ਸੁਰੱਖਿਆ ਲਈ ਇੰਤਜ਼ਾਮ ਕੀਤੇ ਗਏ ਹਨ। ਹਰ ਯਾਤਰੀ ਨੂੰ ਆਦਰ, ਸਹੂਲਤ ਅਤੇ ਸੁਰੱਖਿਆ ਮਿਲੇਗੀ। ਉਹਨਾਂ ਦੱਸਿਆ ਕਿ ਗੁਰਦੁਆਰਿਆਂ, ਰਿਹਾਇਸ਼, ਆਵਾਜਾਈ ਅਤੇ ਸਿਹਤ ਸਹੂਲਤਾਂ ਲਈ ਵਿਸ਼ੇਸ਼ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ ਅਰੋੜਾ ਨੇ ਇਹ ਵੀ ਕਿਹਾ ਕਿ ਅਫ਼ਵਾਹਾਂ ਜਾਂ ਗਲਤ ਖ਼ਬਰਾਂ ਤੋਂ ਸਾਵਧਾਨ ਰਹਿਣਾ ਚਾਹੀਦਾ ਹੈ, ਕਿਉਂਕਿ ਕੁਝ ਤੱਤ ਪਾਕਿਸਤਾਨ ਦੀ ਸਿੱਖ ਧਾਰਮਿਕ ਯਾਤਰਾ ਛਵੀ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਪਾਕਿਸਤਾਨ ਸਰਕਾਰ ਨੇ ਪਹਿਲੇ ਪਾਤਸ਼ਾਹ ਗੁਰੂ ਨਾਨਕ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਅਤੇ ਹੋਰ ਧਾਰਮਿਕ ਸਮਾਗਮਾਂ ਨੂੰ ਧਿਆਨ ਵਿੱਚ ਰੱਖਦਿਆਂ ਸਿੱਖ ਯਾਤਰੀਆਂ ਦੀ ਸੁਰੱਖਿਆ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਪਾਕਿਸਤਾਨ ਨੇ ਵਿਦੇਸ਼ੀ ਯਾਤਰੀਆਂ ਖ਼ਾਸ ਕਰਕੇ ਬ੍ਰਿਟੇਨ, ਕੈਨੇਡਾ ਅਤੇ ਅਮਰੀਕਾ ਦੇ ਸਿੱਖ ਸੰਗਤਾਂ ਲਈ ਆਨਲਾਈਨ ਵੀਜ਼ਾ ਸਿਸਟਮ ਸ਼ੁਰੂ ਕੀਤਾ ਹੈ।

ਦੂਜੇ ਪਾਸੇ, PSGPC ਨੇ ਭਾਰਤੀ ਸਰਕਾਰ ਵੱਲੋਂ ਕੁਝ ਸਿੱਖ ਯਾਤਰੀਆਂ ਨੂੰ ਵੀਜ਼ਾ ਜਾਰੀ ਨਾ ਕਰਨ ਦੇ ਮਾਮਲੇ ‘ਤੇ ਨਾਰਾਜ਼ਗੀ ਜਤਾਈ ਹੈ। ਸੰਗਤਾਂ ਨੂੰ ਕਿਹਾ ਗਿਆ ਹੈ ਕਿ ਉਹ ਆਪਣੀਆਂ ਯਾਤਰਾ ਯੋਜਨਾਵਾਂ ਪਹਿਲਾਂ ਹੀ ਪੂਰੀ ਤਰ੍ਹਾਂ ਤਸਦੀਕ ਕਰ ਲੈਣ ਅਤੇ ਯਾਤਰਾ ਬੀਮਾ ਜ਼ਰੂਰ ਲੈਣ। ਬਰਤਾਨੀਆ ਵੱਲੋ ਅਡਵਾਇਜਰੀ ਦੇ ਮੁੱਖ ਬਿੰਦੂ ਵਿੱਚ ਬਲੋਚਿਸਤਾਨ, ਸਿੰਧ ਅਤੇ ਕਸ਼ਮੀਰ ਦੀ ਲਾਈਨ ਆਫ਼ ਕੰਟਰੋਲ ਦੇ ਨੇੜਲੇ ਇਲਾਕਿਆਂ ਵਿੱਚ ਜਾਣ ਤੋਂ ਪਰਹੇਜ਼ ਕਰਨ. ਸਰਕਾਰੀ ਐਲਾਨਾਂ, ਸਥਾਨਕ ਮੀਡੀਆ ਅਤੇ ਅੰਬੈਸੀਆਂ ਦੀਆਂ ਨਵੀਆਂ ਹਦਾਇਤਾਂ ‘ਤੇ ਨਜ਼ਰ ਰੱਖਣ ਲਈ ਕਿਹਾ ਗਿਆ ਹੈ । ਪਾਕਿਸਤਾਨ ਯਾਤਰੀਆਂ ਨੂੰ ਜਨ ਸਮੂਹਾਂ, ਪ੍ਰਦਰਸ਼ਨਾਂ ਅਤੇ ਧਾਰਮਿਕ ਟਕਰਾਅ ਵਾਲੀਆਂ ਥਾਵਾਂ ਤੋਂ ਦੂਰ ਰਹਿਣ ਲਈ ਕਿਹਾ ਗਿਆ ਹੈ । ਜਿੱਥੇ ਇੱਕ ਪਾਸੇ ਖੇਤਰੀ ਅਸਥਿਰਤਾ ਅਤੇ ਅਫਗਾਨ ਯੁੱਧ ਦਾ ਪ੍ਰਭਾਵ ਪਾਕਿਸਤਾਨ ਦੀ ਸੁਰੱਖਿਆ ਸਥਿਤੀ ‘ਤੇ ਸਾਫ਼ ਦਿੱਸ ਰਿਹਾ ਹੈ, ਉੱਥੇ ਦੂਜੇ ਪਾਸੇ ਪਾਕਿਸਤਾਨੀ ਸਰਕਾਰ ਤੇ ਸਿੱਖ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਸਹਿਯੋਗ ਅਤੇ ਸੁਰੱਖਿਆ ਦਾ ਸੰਦੇਸ਼ ਦਿੱਤਾ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਵੱਲੋਂ ਪਿੰਡ ਬੱਠਲ ਗੁਰਦੁਆਰਾ ਸਾਹਿਬ ਵਿਖੇ ਵਿਸ਼ੇਸ਼ ਮੀਟਿੰਗ

# 1 ਨਵੰਬਰ ਨੂੰ ਜੱਸੋਵਾਲ ਸਮਾਗਮ ਵਿੱਚ ਸ਼ਮੂਲੀਅਤ ਲਈ ਸੰਗਤਾਂ ਨੂੰ ਸੱਦਾ



**ਪਿੰਡ ਬੱਠਲ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਦਮਦਮੀ ਟਕਸਾਲ ਨਾਲ ਸੰਬੰਧਿਤ ਅਤੇ ਇੰਟਰਨੈਸ਼ਨਲ ਪੰਥ ਦਲ ਦੇ ਅੰਤਰਰਾਸ਼ਟਰੀ ਮੁੱਖ ਬੁਲਾਰੇ ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਜੀ ਨੇ ਅੱਜ ਪਿੰਡ ਬੱਠਲ ਦੇ ਗੁਰਦੁਆਰਾ ਸਾਹਿਬ ਵਿਖੇ ਇਕ ਵਿਸ਼ੇਸ਼ ਧਾਰਮਿਕ ਮੀਟਿੰਗ ਕਰਦਿਆਂ ਸੰਗਤਾਂ ਨੂੰ ਗੁਰਮੱਤ ਮਰਿਆਦਾ, ਸੇਵਾ ਦੇ ਅਸੂਲਾਂ ਅਤੇ ਪੰਥਕ ਏਕਤਾ ਬਾਰੇ ਪ੍ਰੇਰਕ ਵਿਚਾਰ ਸਾਂਝੇ ਕੀਤੇ। ਬਾਬਾ ਜੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖ ਪੰਥ ਦੀ ਤਾਕਤ ਏਕਤਾ, ਅਨੁਸ਼ਾਸਨ ਅਤੇ ਗੁਰਮੱਤ 'ਚ ਨਿਹਿਤ ਹੈ। ਉਨ੍ਹਾਂ ਨੇ ਕਿਹਾ ਕਿ ਸਿੱਖ ਪੰਥ ਦੀ ਇਤਿਹਾਸਕ ਯਾਤਰਾ ਸ਼ਹੀਦਾਂ ਦੀਆਂ ਕੁਰਬਾਨੀਆਂ ਨਾਲ ਭਰੀ ਪਈ ਹੈ, ਜਿਨ੍ਹਾਂ ਨੇ ਧਰਮ, ਕੌਮ ਅਤੇ ਮਨੁੱਖਤਾ ਦੀ ਰੱਖਿਆ ਲਈ ਆਪਣਾ ਸਭ ਕੁਝ ਸਮਰਪਿਤ ਕੀਤਾ। ਬਾਬਾ ਜੀ ਨੇ ਕਿਹਾ ਕਿ ਇਹ ਸਾਡਾ ਫਰਜ ਹੈ ਕਿ ਅਸੀਂ ਆਪਣੇ ਸ਼ਹੀਦਾਂ ਦੀ ਯਾਦ ਨੂੰ ਸਦਾ ਤਾਜ਼ਾ ਰੱਖੀਏ ਅਤੇ ਗੁਰਮੱਤ ਅਸੂਲਾਂ ਦੇ ਰਾਹ ਤੇ ਤੁਰਦਿਆਂ ਪੰਥਕ ਏਕਤਾ ਨੂੰ ਮਜ਼ਬੂਤ ਕਰੀਏ। ਇਸੇ ਨਿਮਿੱਤ ਉਨ੍ਹਾਂ ਨੇ ਆਉਣ ਵਾਲੇ 1 ਨਵੰਬਰ 2025 ਨੂੰ ਹੋਣ ਵਾਲੇ ਵੱਡੇ ਧਾਰਮਿਕ ਸਮਾਗਮ ਵਿੱਚ ਸ਼ਮੂਲੀਅਤ ਦੀ ਅਪੀਲ ਕੀਤੀ। ਇਹ ਸਮਾਗਮ ਬੱਬਰ ਅਕਾਲੀ ਲਹਿਰ ਦੇ ਸ਼ਹੀਦਾਂ ਦੀ ਯਾਦ ਅਤੇ ਧੰਨ ਧੰਨ ਸ੍ਰੀ ਗੁਰੂ ਤੇਗ. ਬਹਾਦੁਰ ਸਾਹਿਬ ਜੀ ਦੀ 350 ਸਾਲਾਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਹੋਵੇਗਾ। ਸਮਾਗਮ ਬੱਬਰਾਂ ਦੀ ਛਾਉਣੀ, ਪਿੰਡ ਜੱਸੋਵਾਲ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਬਾਬਾ ਚਰਨਜੀਤ ਸਿੰਘ ਜਸੋਵਾਲ ਜੀ ਨੇ ਕਿਹਾ — "ਜਦੋਂ ਤੱਕ ਅਸੀਂ ਗੁਰੂ ਸਾਹਿਬ ਦੇ ਉਪਦੇਸ਼ਾਂ ਅਨੁਸਾਰ ਜੀਵਨ ਨਹੀਂ ਜੀਵਾਂਗੇ, ਤਦ ਤੱਕ ਪੰਥ ਦੀ ਰੂਹਾਨੀ ਤਾਕਤ ਕਾਇਮ ਨਹੀਂ ਰਹਿ ਸਕਦੀ। ਗੁਰਮੱਤ ਮਰਿਆਦਾ ਸਾਡੀ ਜੀਵਨ ਰੇਖਾ ਹੈ ਅਤੇ ਸੇਵਾ ਸਾਡਾ ਮੂਲ ਧਰਮ।" ਉਨ੍ਹਾਂ ਨੇ ਅੱਗੇ ਕਿਹਾ ਕਿ ਧਾਰਮਿਕ ਸਮਾਗਮ ਸਾਨੂੰ ਆਪਣੀਆਂ ਜੜ੍ਹਾਂ ਨਾਲ ਜੋੜਦੇ ਹਨ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਸਾਨੂੰ ਧਰਮਕ ਤੇ ਰਾਸ਼ਟਰੀ ਜ਼ਿੰਮੇਵਾਰੀਆਂ ਦੀ ਯਾਦ ਦਿਵਾਉਂਦੀਆਂ ਹਨ।

ਇਸ ਮੌਕੇ ਕਈ ਪ੍ਰਮੁੱਖ ਸਿੱਖ ਸ਼ਖ਼ਸੀਅਤਾਂ ਹਾਜ਼ਰ ਰਹੀਆਂ, ਜਿਨ੍ਹਾਂ ਨੇ ਬਾਬਾ ਜੀ ਦੇ ਵਿਚਾਰਾਂ ਨਾਲ ਸਹਿਮਤੀ ਜਤਾਈ ਅਤੇ ਸਮਾਗਮ ਦੀ ਸਫਲਤਾ ਲਈ ਆਪਣੀ ਸਹਿਯੋਗ ਦੀ ਘੋਸ਼ਣਾ ਕੀਤੀ। ਸਰਦਾਰ ਰਜਿੰਦਰ ਸਿੰਘ, ਸਰਦਾਰ ਬਲਦੇਵ ਸਿੰਘ, ਸਰਦਾਰ ਕਸ਼ਮੀਰ ਸਿੰਘ, ਸਰਦਾਰ ਮਨਪ੍ਰੀਤ ਸਿੰਘ, ਸਰਦਾਰ ਜਸਕਰਨ ਸਿੰਘ, ਸਰਦਾਰ ਸੁਰਜੀਤ ਸਿੰਘ, ਸਰਦਾਰ ਚਰਨ ਸਿੰਘ, ਸਰਦਾਰ ਸਤਵਿੰਦਰ ਸਿੰਘ, ਸਰਦਾਰ ਭੁਪਿੰਦਰ ਸਿੰਘ, ਸਰਦਾਰ ਗੁਰਿੰਦਰਜੀਤ ਸਿੰਘ ਅਤੇ ਸਰਦਾਰ ਅਮਨਜੋਤ ਸਿੰਘ ਆਦਿ ਹਾਜ਼ਰ ਸਨ।

ਬਾਬਾ ਜੀ ਨੇ ਮੀਟਿੰਗ ਦੇ ਅੰਤ ਵਿੱਚ ਸੰਗਤਾਂ ਨੂੰ ਇਹ ਸੰਦੇਸ਼ ਦਿੱਤਾ ਕਿ ਹਰ ਸਿੱਖ ਨੂੰ ਪੰਥ ਦੀ ਭਲਾਈ ਲਈ ਆਪਣੇ ਯੋਗਦਾਨ ਦੀ ਸੋਚਣੀ ਚਾਹੀਦੀ ਹੈ। ਉਨ੍ਹਾਂ ਨੇ ਕਿਹਾ ਕਿ ਜੇਕਰ ਅਸੀਂ ਗੁਰਮੱਤ ਮਰਿਆਦਾ ਅਨੁਸਾਰ ਜੀਵਨ ਜੀਵਾਂਗੇ ਤਾਂ ਸਾਡਾ ਪੰਥ ਹਮੇਸ਼ਾਂ ਅੱਗੇ ਵਧਦਾ ਰਹੇਗਾ। ਸੰਗਤਾਂ ਨੇ ਵੀ ਇਕ-ਸੁਰ ਵਿੱਚ ਫੈਸਲਾ ਕੀਤਾ ਕਿ ਉਹ 1 ਨਵੰਬਰ 2025 ਨੂੰ ਜੱਸੋਵਾਲ ਸਮਾਗਮ ਵਿੱਚ ਸ਼ਮੂਲੀਅਤ ਕਰਕੇ ਗੁਰਮੱਤ ਮਰਿਆਦਾ ਅਤੇ ਪੰਥਕ ਏਕਤਾ ਦਾ ਪ੍ਰਚਾਰ ਕਰਨਗੇ।

### ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਿੰਘਾਂ ਸ਼ਹੀਦ ਡੇਰਾ ਸੰਤ ਜਰਨੈਲ ਸਿੰਘ ਨੰਗਲ ਬੇਟ ਫਿਲੌਰ ਵਿਖੇ

# ਤਿੰਨ ਆਖੰਡ ਪਾਠਾਂ ਦੇ ਭੋਗ ਉਪਰੰਤ ਭਾਰੀ ਦੀਵਾਨ ਸਜਾਏ ਗਏ: ਸੰਤ ਸੁਖਵਿੰਦਰ ਸਿੰਘ



**ਜੰਡਿਆਲਾ ਗੁਰੂ, 12 ਅਕਤੂਬਰ ( ਕੁਲਵੰਤ ਸਿੰਘ ਵਿਰਦੀ )**-ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਨੰਗਲ ਬੇਟ ਨੇੜੇ ਆਲੋਵਾਲ ਫਿਲੌਰ ਵਿਖੇ ਚੌਥੇ ਪਾਤਸ਼ਾਹ ਗੁਰੂ ਰਾਮਦਾਸ ਮਾਹਾਰਾਜ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਤਿੰਨ ਆਖੰਡ ਪਾਠਾਂ ਦੇ ਸੰਪੂਰਨ ਭੋਗ ਤੋਂ ਉਪਰੰਤ ਭਾਰੀ ਦੀਵਾਨ ਸਜਾਏ ਗਏ ਜਿਸ ਵਿਚ ਪੰਥ ਦੇ ਨਾਮਵਰ ਰਾਗੀ ਢਾਡੀ ਕਵੀਸ਼ਰ ਪ੍ਰਚਾਰਕਾ ਤੋਂ ਸੰਤ ਮਹਾਂਪੁਰਸ਼ਾਂ ਨੇ ਹਾਜ਼ਰੀ ਲਵਾਈ ਅਤੇ ਆਏ ਸੰਗਤ ਨੂੰ ਚੌਥੇ ਪਾਤਸ਼ਾਹ ਗੁਰੂ ਰਾਮਦਾਸ ਮਹਾਰਾਜ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ, ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਵੱਲੋਂ ਹੁਕਮਨਾਮੇ ਦੀ ਸ਼ਬਦ ਵਿਚਾਰ ਕਥਾ ਰਾਹੀਂ ਨਿਹਾਲ ਕੀਤਾ ਗਿਆ,ਅਖੰਡ ਪਾਠ ਸ਼ਰਧਾਲੂਆਂ ਅਤੇ ਹੋਰ ਸਨਮਾਨ ਯੋਗ ਹਸਤੀਆਂ ਦਾ ਸੰਤ ਸੁਖਵਿੰਦਰ ਸਿੰਘ ਜੀ ਅਤੇ ਡਾਕਟਰ ਅਮਰਜੋਤ ਸਿੰਘ ਸੰਧੂ ਵੱਲੋਂ ਸਨਮਾਨਿਤ ਕੀਤਾ ਗਿਆ ਅਤੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ, ਇਸ ਸਬੰਧੀ ਪ੍ਰੈਸ ਨੂੰ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਮੁੱਖ ਪ੍ਰਬੰਧਕ ਸੰਤ ਸੁਖਵਿੰਦਰ ਸਿੰਘ ਜੀ ਨਾਲ ਗੱਲਬਾਤ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਦਿੱਤੀ, ਉਹਨਾਂ ਭਾਈ ਖਾਲਸਾ ਨੇ ਦੱਸਿਆ ਗੁਰਦੁਆਰਾ ਸਾਹਿਬ ਵਿਖੇ ਹਰ ਐਤਵਾਰ ਨੂੰ ਸੰਗਤਾਂ ਵੱਲੋਂ ਰਖਵਾਏ ਅਖੰਡ ਪਾਠਾਂ ਦੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਉਣ ਦੀ ਚੱਲ ਰਹੀ ਮਰਯਾਦਾ ਅਨੁਸਾਰ ਇਸ ਐਤਵਾਰ ਗੁਰੂ ਰਾਮਦਾਸ ਮਹਾਰਾਜ ਜੀ ਦੇ ਆਗਮਨ ਪੁਰਬ ਦੇ ਸਬੰਧ ਵਿੱਚ ਪਰਸੋਂ ਦੇ ਰੋਜ਼ ਤੋਂ ਦੋ ਆਦਿ ਗੁਰੂ ਗ੍ਰੰਥ ਸਾਹਿਬ ਸਮੇਤ ਸੰਪਟ ਪਾਠ ਟੋਟਲ ਤਿੰਨ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ, ਜਿਨ੍ਹਾਂ ਦੇ ਸੰਪੂਰਨ ਭੋਗ ਅਰਦਾਸ ਅਤੇ ਪਾਵਨ ਪਵਿੱਤਰ ਹੁਕਮ ਨਾਮੇ ਦੀ ਬਾਬਾ ਸੁਖਵਿੰਦਰ ਸਿੰਘ ਜੀ ਵੱਲੋਂ ਕਥਾ ਵਿਚਾਰ ਕਰਨ ਤੋਂ ਬਾਅਦ ਧਾਰਮਿਕ ਸਮਾਗਮ ਦੀ ਆਰੰਭਤਾ ਹੋਈ ਜਿਸ ਵਿਚ ਭਾਈ ਰਵਿੰਦਰ ਸਿੰਘ, ਭਾਈ ਗੁਰਮੇਲ ਸਿੰਘ ਤੇ ਭਾਈ ਰਿੰਕੂ ਦੇ ਕੀਰਤਨੀ ਜਥੇ ਵੱਲੋਂ ਸ਼ਬਦ ਗੁਰਬਾਣੀ ਦੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ, ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਕਰਮਜੀਤ ਕੌਰ ਸੰਧੂ, ਸੁਖਵਿੰਦਰ ਗੁੱਡੋ ਪੱਦੀ ਜਗੀਰ, ਮਲਕੀਤ ਸਿੰਘ ਰਾਜਾ ਸਾਂਝਾ, ਬਾਬਾ ਦਾਰਾ ਸਿੰਘ ਤੋਂ ਇਲਾਵਾ ਕਈ ਹੋਰ ਸੈਂਕੜੇ ਸੰਗਤਾਂ ਹਾਜ਼ਰ ਸਨ, ਗੁਰੂ ਕਾ ਲੰਗਰ ਸਭਨਾਂ ਲੰਗਰ ਦੀ ਪੰਗਤ ਵਿਚ ਛਕਾਇਆ ਗਿਆ,ਸੰਤ ਸੁਖਵਿੰਦਰ ਸਿੰਘ ਜੀ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਆ ਰਹੇ 21,22,23,24,25 ਤੇ 26 ਨਵੰਬਰ ਨੂੰ ਛੇ ਰੋਜ਼ਾ ਸਾਲਾਨਾ ਬਰਸੀ ਸਮਾਗਮ ਤੇ ਪੇਂਡੂ ਖੇਡ ਮੇਲੇ ਵਿੱਚ ਹਾਜ਼ਰੀਆਂ ਭਰਨ ਦਾ ਵਿਸ਼ੇਸ਼ ਸੱਦਾ ਦਿੱਤਾ ਗਿਆ ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ 'ਚ ਦਲਿਤਾਂ 'ਤੇ ਹੁੰਦੇ ਅੱਤਿਆਚਾਰਾਂ ਨੂੰ ਲੈ ਕੇ ਕਾਂਗਰਸੀ ਕਿਉਂ ਨਹੀਂ ਬੋਲਦੇ : ਹਰਦੀਪ ਗਿੱਲ

### ਪਿੰਡ ਤਾਰਾਗੜ੍ਹ ਵਿਖੇ ਭਾਜਪਾ ਦੇ ਹੱਕ 'ਚ ਭਰਵੀਂ ਮੀਟਿੰਗ



ਜੰਡਿਆਲਾ ਗੁਰੂ, 12 ਅਕਤੂਬਰ ( ਕੁਲਵੰਤ ਸਿੰਘ ਵਿਰਦੀ )- ਦਲਿਤ ਸਮਾਜ ਦਾ ਸਭ ਤੋਂ ਵੱਧ ਘਾਣ ਕਾਂਗਰਸ ਨੇ ਕੀਤਾ। ਪੰਜਾਬ ਵਿੱਚ ਦਲਿਤਾਂ 'ਤੇ ਹੁੰਦੇ ਅਤਿੱਆਚਾਰਾਂ ਨੂੰ ਲੈ ਕੇ ਕਾਂਗਰਸੀ ਮੂੰਹ ਕਿਉਂ ਨਹੀਂ ਖੋਲਦੇ ? ਇਹ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਜਿਲਾ ਦਿਹਾਤੀ ਪ੍ਰਧਾਨ ਤੇ ਹਲਕਾ ਜੰਡਿਆਲਾ ਗੁਰੂ ਤੋਂ ਭਾਜਪਾ ਇੰਚਾਰਜ ਹਰਦੀਪ ਸਿੰਘ ਗਿੱਲ ਨੇ ਕੀਤਾ। ਪਿੰਡ ਤਾਰਾਗੜ੍ਹ ਤਨਾਵਾਂ ਵਿਖੇ ਇਲਾਕਾ ਨਿਵਾਸੀਆਂ ਦੀਆਂ ਮੁਸ਼ਿਕਲਾਂ ਸੁਣਨ ਮੌਕੇ ਹੋਏ ਇਕੱਠ ਦੌਰਾਨ ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਨੂੰ ਬੇਇੱਜ਼ਤ ਕਰਨ ਵਿੱਚ ਵੀ ਕਾਂਗਰਸ ਨੇ ਪਹਿਲਾਂ ਕਦੀ ਕਮੀ ਨਹੀਂ ਛੱਡੀ। ਅੱਜ ਉਹੀ ਕਾਂਗਰਸੀ ਅਤੇ ਉਨਾਂ ਦੇ ਆਗੂ ਰਾਹੁਲ ਗਾਂਧੀ ਆਪਣੇ ਆਪ ਨੂੰ ਡਾ. ਅੰਬੇਦਕਰ ਦੇ ਉਪਾਸ਼ਕ ਅਤੇ ਸੰਵਿਧਾਨ ਦੇ ਰਖਵਾਲੇ ਦੱਸ ਰਹੇ ਹਨ। ਪੰਜਾਬ ਵਿੱਚ ਆਮ ਆਦਮੀ ਪਾਰਟੀ ਦੇ ਮੌਜੂਦਾ ਵਿਧਾਇਕ ਵੱਲੋਂ ਦਲਿਤ ਸਮਾਜ ਦੀ ਬੇਟੀ ਨਾਲ ਕੀਤੇ ਦੁਰਵਿਵਹਾਰ 'ਤੇ ਕਿਸੇ ਵੀ ਕਾਂਗਰਸੀ ਨੇ ਆਪਣੀ ਚੁੱਪੀ ਨਹੀਂ ਤੋੜੀ। ਅਦਾਲਤ ਵੱਲੋਂ ਸਜ਼ਾ ਮਿਲਣ ਤੋਂ ਬਾਅਦ ਵੀ ਵਿਧਾਇਕ ਨੂੰ ਪਾਰਟੀ ਵਿੱਚੋਂ ਨਾ ਕੱਢਣਾ ਸੱਤਾਧਾਰੀ ਪਾਰਟੀ ਦੀ ਦਲਿਤ ਭਾਈਚਾਰੇ ਪ੍ਰਤੀ ਸੋਚ ਨੂੰ ਪ੍ਰਗਟ ਕਰਦਾ ਹੈ। ਹਰਦੀਪ ਗਿੱਲ ਨੇ ਕਿਹਾ ਕਿ ਦਲਿਤ ਵਰਗ ਦੀ ਤਰਸਯੋਗ ਹਾਲਾਤ ਲਈ ਕਾਂਗਰਸ ਸਭ ਤੋਂ ਵੱਧ ਜਿੰਮੇਵਾਰ ਹੈ ਜਿਸ ਨੇ ਸਭ ਤੋਂ ਵੱਧ ਸਮਾਂ ਰਾਜ ਕੀਤਾ। ਉਹਨਾਂ ਆਖਿਆ ਕਿ ਆਮ ਆਦਮੀ ਪਾਰਟੀ ਨੇ ਵੀ ਦਲਿਤ ਭਾਈਚਾਰੇ ਤੋਂ ਵੋਟਾਂ ਲੈਣ ਉਪਰੰਤ ਇਹਨਾਂ ਦੀ ਵਾਤ ਨਹੀਂ ਪੁੱਛੀ। ਗਿੱਲ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਹੀ ਗਰੀਬ ਅਤੇ ਦਲਿਤ ਵਰਗ ਦਾ ਖਿਆਲ ਰੱਖ ਸਕਦੀ ਹੈ। ਕੇਂਦਰ ਦੀ ਮੋਦੀ ਸਰਕਾਰ ਦੀਆਂ ਸਾਰੀਆਂ ਲੋਕ ਭਲਾਈ ਦੀਆਂ ਸਕੀਮਾਂ ਦਲਿਤ ਵਰਗ ਦੀ ਆਰਥਿਕ ਤੇ ਸਮਾਜਿਕ ਸਥਿਤੀ ਨੂੰ ਮੁੱਖ ਰੱਖਦਿਆਂ ਹੋਈਆਂ ਬਣਾਈਆਂ ਗਈਆਂ ਹਨ। ਮੁਫਤ ਸਿਲੰਡਰ, ਮੁਫਤ ਅਨਾਜ, ਬੀਮਾ ਯੋਜਨਾ ਕਾਰਡ, ਪੱਕੇ ਮਕਾਨ ਬਣਾ ਕੇ ਦੇਣਾ ਉਕਤ ਸਕੀਮਾਂ ਗਰੀਬ ਵਰਗ ਦੇ ਉਥਾਨ ਲਈ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਹਨ। ਉਹਨਾਂ ਕਿਹਾ ਕਿ ਹੜਾਂ ਤੇ ਬਰਸਾਤ ਦੌਰਾਨ ਵੀ ਕੇਂਦਰ ਦੀ ਮੋਦੀ ਸਰਕਾਰ ਨੇ ਗਰੀਬ ਵਰਗ ਦੀ ਬਾਂਹ ਫੜੀ ਅਤੇ ਪਿੰਡ ਪਿੰਡ ਰਾਸ਼ਨ ਸਮੱਗਰੀ ਵੰਡੀ। ਜਦ ਕਿ ਬਾਕੀ ਪਾਰਟੀਆਂ ਨੇ ਲੋਕਾਂ ਨੂੰ ਸਿਰਫ ਝੂਠੇ ਦਿਲਾਸੇ ਤੇ ਵਾਅਦੇ ਦੇ ਕੇ ਫੋਕੀ ਹਮਦਰਦੀ ਦਿਖਾਈ। ਇਸ ਮੌਕੇ 'ਤੇ ਹਾਜ਼ਰ ਲੋਕਾਂ ਨੇ ਭਾਰਤੀ ਜਨਤਾ ਪਾਰਟੀ ਪ੍ਰਤੀ ਵਿਸ਼ਵਾਸ ਪ੍ਰਗਟ ਕਰਦਿਆਂ ਪੂਰਨ ਸਹਿਯੋਗ ਦਾ ਭਰੋਸਾ ਦਵਾਇਆ। ਇਸ ਮੌਕੇ 'ਤੇ ਹੋਰਨਾਂ ਤੋਂ ਇਲਾਵਾ ਚੰਨਣ ਸਿੰਘ, ਹਰਜੀਤ ਸਿੰਘ, ਦਵਿੰਦਰ ਸਿੰਘ, ਮਨਪ੍ਰੀਤ ਸਿੰਘ, ਸਾਹਿਬ ਸਿੰਘ, ਕਸ਼ਮੀਰ ਕੌਰ, ਬਲਬੀਰ ਕੌਰ, ਰਣਜੀਤ ਕੌਰ, ਹਰਬੰਸ ਕੌਰ, ਨਰਿੰਦਰ ਕੌਰ, ਬਲਜੀਤ ਕੌਰ, ਹਰਨਾਮ ਕੌਰ, ਗੁਰਦੀਪ ਕੌਰ ਤੋਂ ਇਲਾਵਾ ਹੋਰ ਵੀ ਇਲਾਕਾ ਨਿਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਪਵਿੱਤਰ ਸਲਾਨਾ ਜਨਮ ਦਿਹਾੜੇ ਦੇ ਜੋੜ ਮੇਲੇ ਦੀਆਂ ਸਾਰੀਆਂ ਤਿਆਰੀ ਮੁਕੰਮਲ : ਸੰਤ ਬਾਬਾ ਦੀਦਾਰ ਸਿੰਘ

ਚੌਕ ਮਹਿਤਾ, 12 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਪੁੱਤਰਾਂ ਦੇ ਦਾਨੀ ਬ੍ਰਹਮ ਗਿਆਨੀ ਧੰਨ



ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਪਵਿੱਤਰ ਜਨਮ ਦਿਹਾੜੇ ਦੇ ਜੋੜ ਮੇਲੇ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਡੇਰਾ ਬਾਬਾ ਗੁਰਦੁਆਰਾ ਜਨਮ ਸਥਾਨ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਮੁੱਖ ਸੇਵਾਦਾਰ ਸੰਤ ਬਾਬਾ ਦੀਦਾਰ ਸਿੰਘ ਜੀ ਕਥਨੰਗਲ ਵਾਲਿਆਂ ਨੇ ਗੱਲਬਾਤ ਕਰਦਿਆਂ ਕਿਹਾ ਕਿ ਇਤਿਹਾਸਿਕ ਸਲਾਨਾ ਜੋੜ ਮੇਲਾ 21 22 23 ਅਕਤੂਬਰ ਨੂੰ ਮਨਾਇਆ ਜਾਵੇਗਾ ਜਿਸ ਵਿੱਚ ਧਾਰਮਿਕ ਦੀਵਾਨ ਸਜਾਏ ਜਾਣਗੇ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਦੇ ਪਹੁੰਚਣ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਸੰਗਤਾਂ ਲਈ ਇਸ ਪਵਿੱਤਰ ਜਨਮ ਦਿਹਾੜੇ ਤੇ ਵੱਖ ਵੱਖ ਪ੍ਰਕਾਰ ਦੇ ਲੰਗਰ ਵੀ ਲਾਏ ਜਾਣਗੇ ਅਤੇ ਗੁਰਦੁਆਰਾ ਸਾਹਿਬ ਦੀ ਸਜਾਵਟ ਹੁਣ ਤੋਂ ਹੀ ਕਰ ਦਿੱਤੀ ਗਈ ਹੈ

ਆਵਾਜ਼ਿ ਕੌਮ AWAZE QAUM International Newspaper & WEB TV

## ਰਾਮ ਗੋਇਲ ਭਵਾਨੀਗੜ ਬਣੇ ਆਪ ਦੇ ਹਲਕਾ ਸੰਗਰੂਰ ਦੇ ਮੀਡੀਆ ਕੋਆਰਡੀਨੇਟਰ

ਸੰਗਰੂਰ ( ਰਣਜੀਤ ਸਿੰਘ ਪੇਧਨੀ )ਪਿਛਲੇ ਲੰਮੇ ਸਮੇਂ ਤੋਂ ਆਮ ਆਦਮੀ ਪਾਰਟੀ ਦੇ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਰਾਮ ਗੋਇਲ ਭਵਾਨੀਗੜ੍ਹ ਨੂੰ ਹਲਕਾ ਸੰਗਰੂਰ ਦੇ ਮੀਡੀਆ ਕੋਆਰਡੀਨੇਟਰ ਨਿਯੁਕਤ ਕੀਤਾ ਗਿਆ ਹੈ। ਜਿਸ ਦੇ ਨਾਲ ਉਨ੍ਹਾਂ ਦੇ ਚਾਹੁਣ ਵਾਲਿਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ। ਇਸ ਮੌਕੇ ਨਵ ਨਿਯੁਕਤ ਮੀਡੀਆ ਇੰਚਾਰਜ ਰਾਮ ਗੋਇਲ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਉਹ ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਪਾਰਟੀ ਦੀ ਚੜ੍ਹਦੀ ਕਲਾ ਦੇ ਲਈ ਪਹਿਲਾਂ ਵਾਂਗੂੰ ਦਿਨ ਰਾਤ ਮਿਹਨਤ ਕਰਨਗੇ। ਉਹਨਾਂ ਕਿਹਾ ਕਿ ਉਹ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਪ੍ਰਭਾਰੀ ਸ੍ਰੀ ਮਨੀਸ਼ ਸਸੋਦੀਆ,ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਦੇ ਪ੍ਰਧਾਨ ਸ੍ਰੀ ਅਮਨ ਅਰੋੜਾ ,ਪੰਜਾਬ ਦੇ ਖਜ਼ਾਨਾ ਮੰਤਰੀ ਸ ਹਰਪਾਲ ਸਿੰਘ ਚੀਮਾਅਤੇ ਬੀਬੀ ਨਰਿੰਦਰ ਕੌਰ ਭਰਾਜ ਐਮਐਲ,ਏ ਸੰਗਰੂਰ ਦਾ ਉਹ ਦਿਲ ਦੀਆਂ ਗਹਿਰਾਈਆਂ ਚੋਂ ਧੰਨਵਾਦ ਕਰਦੇ ਹਨ ਜਿਨਾਂ ਨੇ ਉਨਾਂ ਦੀ ਮਿਹਨਤ ਨੂੰ ਦੇਖਦਿਆਂ ਹੋਇਆਂ ਪਾਰਟੀ ਚ ਸੇਵਾ ਕਰਨ ਦਾ ਮੌਕਾ ਦਿੱਤਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

### ਮਾਨ ਸਰਕਾਰ ਵੱਲੋਂ ਚੰਗਾ ਖੇਡਣ ਵਾਲੇ ਖਿਡਾਰੀਆਂ ਨੂੰ

# ਕਰੋੜਾਂ ਰੁਪਏ ਦੇ ਇਨਾਮ ਦਿੱਤੇ ਜਾ ਰਹੇ ਹਨ ਘੁੱਲੀ, ਢਿੱਲੋਂ, ਜੱਸੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ੍ਰੀ ਗੁਰੂ ਤੇਗ ਬਹਾਦਰ ਕਲੱਬ ਰਜਿ: ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਦੇ ਨਾਲ ਪਿੰਡ ਰਾਜੋਮਾਜਰਾ ਵਿਖੇ ਮਾਲਵਾ ਕਬੱਡੀ ਲੀਗ ਦੇ ਮੈਚ ਕਰਵਾਏ ਗਏ। ਜਿਸ ਵਿੱਚਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੇ ਦਫਤਰ ਇੰਚਾਰਜ ਸਰਦਾਰ ਰਾਜਵੰਤ ਸਿੰਘ ਘੁਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਮੁੱਖ ਮੰਤਰੀ ਦੇ ਕੈਂਪਸ ਇੰਚਾਰਜ ਸਰਦਾਰ ਦਲਬੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ ਅਤੇ ਸਰਦਾਰ ਜਸਵੀਰ ਸਿੰਘ ਜੱਸੀ ਸੇਖੋ ਮੈਂਬਰ ਫੂਡ ਕਮਿਸ਼ਨ ਪੰਜਾਬ ਵਿਸ਼ੇਸ਼ ਤੌਰ ਤੇ ਨੌਜਵਾਨਾਂ ਦਾ ਹੌਸਲਾ ਵਧਾਉਣ ਦੇ ਲਈ ਖੇਡ ਮੇਲੇ ਵਿੱਚ ਸ਼ਾਮਿਲ ਹੋਏ। ਇਸ ਮੌਕੇ ਪੰਜਾਬ ਸਰਕਾਰ ਵੱਲੋਂ ਪਹੁੰਚੇ ਨੁਮਾਇਦਿਆਂ ਨੇ ਪ੍ਰੈੱਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਹੋਇਆਂ ਕਿ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਵੱਲੋਂ ਖੇਡਾਂ ਵਿੱਚ ਚੰਗਾ ਪ੍ਰਦਰਸ਼ਨ ਕਰਨ ਵਾਲੇ ਖਡਿਆਰੀਆਂ ਨੂੰ ਸਰਕਾਰ ਵੱਲੋਂ ਦਿਲ ਖਿੱਚਵੇ ਇਨਾਮ ਦਿੱਤੇ ਜਾ ਰਹੇ ਹਨ। ਇਸ ਮੌਕੇ ਸੁਰਜੀਤ ਸਿੰਘ ਰਾਜੋਮਾਜਰਾ ਬਲਾਕ ਪ੍ਰਧਾਨ, ਇਸ ਮੌਕੇ ਜੱਗੀ ਢੀਂਡਸਾ,ਮੱਖਣ ਸ਼ੇਰਗਿੱਲ, ਰੂਬੀ ਨੰਬਰਦਾਰ,ਸੁਰਜੀਤ ਸਿੰਘ ਰਾਜੂਮਾਜਰਾ, ਮਨਪ੍ਰੀਤ ਸਿੰਘ ਬੱਬਲ, ਜੋਗਾ ਸਿੰਘ ਹਾਜਰ, ਲੀਲਾ ਧੂਰੀ, ਭਿੰਦਾ ਵਿਰਕ ,ਨਾਹਰ ਸਿੰਘ,ਗਿੰਨੀ ਸਲੇਮਪੁਰ ਮਨਪ੍ਰੀਤ ਸਿੰਘ ਸਲੇਮਪੁਰ ਹਾਜਰ ਸਨ।

### ਸਾਂਝੇ ਫਰੰਟ ਵਲੋਂ ਕੈਬਨਿਟ ਮੰਤਰੀ ਦੇ ਘਰ ਅੱਗੇ ਚਿਪਕਾਇਆ ਰੋਸ ਪੱਤਰ

# ਡਾ. ਰਵਜੋਤ ਸ਼ੇਮ-ਸ਼ੇਮ ਦੇ ਲੱਗੇ ਨਾਅਰੇ



**ਹੁਸ਼ਿਆਰਪੁਰ, 12 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਸੂਬੇ ਭਰ ਅੰਦਰ ਕੈਬਨਿਟ ਮੰਤਰੀਆਂ ਨੂੰ ਰੋਸ ਪੱਤਰ ਸੌਂਪਣ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ।ਇਹ ਰੋਸ ਪੱਤਰ ਸੂਬਾ ਸਰਕਾਰ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਹੱਲ ਨਾ ਕਰਨ ਅਤੇ ਮੁੱਖ ਮੰਤਰੀ ਵਲੋਂ ਸਾਂਝੇ ਫਰੰਟ ਨੂੰ ਮੀਟਿੰਗ ਦਾ ਸਮਾਂ ਦੇ ਕੇ ਵਾਰ-ਵਾਰ ਮੀਟਿੰਗਾਂ ਰੱਦ ਕਰਨ ਦੇ ਵਿਰੋਧ ਵਿੱਚ ਸੌਂਪੇ ਜਾ ਰਹੇ ਹਨ।ਸਾਂਝਾ ਫਰੰਟ ਜ਼ਿਲ੍ਹਾ ਹੁਸ਼ਿਆਰਪੁਰ ਵਲੋਂ ਵੀ ਕੈਬਨਿਟ ਮੰਤਰੀ ਡਾ. ਰਵਜੋਤ ਨੂੰ ਰੋਸ ਪੱਤਰ ਸੌਂਪਣ ਸਬੰਧੀ ਸ਼ਹੀਦ ਊਧਮ ਸਿੰਘ ਪਾਰਕ ਵਿਖੇ ਸਾਥੀ ਕੁਲਵਰਨ ਸਿੰਘ, ਓਂਕਾਰ ਸਿੰਘ, ਨਰਿੰਦਰ ਸਿੰਘ ਗੋਲੀ, ਸੰਜੀਵ ਧੂਤ, ਸੁਖਦੇਵ ਡਾਂਸੀਵਾਲ, ਇੰਦਰਜੀਤ ਵਿਰਦੀ, ਪ੍ਰਵੇਸ਼ ਕੁਮਾਰ, ਕੁਲਵੰਤ ਸੈਣੀ ਅਗਵਾਈ ਹੇਠ ਕੀਤੀ ਗਈ। ਰੋਸ ਪੱਤਰ ਸੌਂਪਣ ਲਈ ਸ਼ਹੀਦ ਊਧਮ ਸਿੰਘ ਪਾਰਕ ਤੋਂ ਮਾਡਲ ਟਾਊਨ ਸਥਿੱਤ ਡਾ. ਰਵਜੋਤ ਦੇ ਦਫਤਰ ਤੱਕ ਮਾਰਚ ਕੀਤਾ ਗਿਆ ਪ੍ਰੰਤੂ ਸ਼ਹਿਰ ਦੇ ਨਜ਼ਦੀਕ ਹੋਣ ਦੇ ਬਾਵਜੂਦ ਵੀ ਡਾ. ਰਵਜੋਤ ਵਲੋਂ ਮੰਗ ਪੱਤਰ ਲੈਣ ਲਈ ਕੋਈ ਉਪਰਾਲਾ ਨਹੀਂ ਕੀਤਾ ਗਿਆ। ਜਿਸ ਕਾਰਣ ਜ਼ਿਲ੍ਹੇ ਭਰ ਤੋਂ ਪਹੁੰਚੇ ਮੁਲਾਜ਼ਮਾਂ ਅਤੇ ਪੈਨਸ਼ਰਾਂ ਅੰਦਰ ਰੋਹ ਦੀ ਲਹਿਰ ਦੌੜ ਗਈ ਅਤੇ ਉਹਨਾਂ ਵਲੋਂ ਕੈਬਨਿਟ ਮੰਤਰੀ ਦੀ ਰਿਹਾਇਸ਼ ਤੱਕ ਰੋਸ ਮਾਰਚ ਕੀਤਾ ਗਿਆ। ਪ੍ਰੰਤੂ ਫਿਰ ਵੀ ਕੈਬਨਿਟ ਮੰਤਰੀ ਮੰਗ ਪੱਤਰ ਪ੍ਰਾਪਤ ਕਰਨ ਲਈ ਨਹੀਂ ਪਹੁੰਚੇ।ਕਾਫੀ ਇੰਤਜ਼ਾਰ ਕਰਨ ਉਪ੍ਰੰਤ ਮੰਗ ਪੱਤਰ ਨੂੰ ਕੈਬਨਿਟ ਮੰਤਰੀ ਦੇ ਗੇਟ ਅੱਗੇ ਚਿਪਕਾ ਦਿੱਤਾ ਗਿਆ ਅਤੇ ਰੋਸ ਵਿੱਚ ਆਏ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਡਾ. ਰਵਜੋਤ ਸ਼ੇਮ-ਸ਼ੇਮ ਦੇ ਨਾਅਰੇ ਲਗਾਏ ਗਏ।ਵੱਖ ਵੱਖ ਬਲੁਾਰਿਆਂ ਅਤੇ ਸੂਬਾ ਆਗੂ ਸਤੀਸ਼ ਰਾਣਾ ਨੇ ਕਿਹਾ ਕਿ ਮੌਜੂਦਾ ਸਰਕਾਰ ਮੁੱਖ ਮੰਤਰੀ, ਕੈਬਨਿਟ ਮੰਤਰੀ ਅਤੇ ਵਿਧਾਇਕਾਂ ਵਲੋਂ ਪਿਛਲੇ ਚਾਰ ਸਾਲਾਂ ਦੌਰਾਨ ਮੁਲਾਜ਼ਮਾਂ/ਪੈਨਸ਼ਨਰਾਂ ਦੀਆਂ ਮੰਗਾਂ ਸਬੰਧੀ ਕੋਈ ਵੀ ਸੰਜੀਦਗੀ ਨਹੀਂ ਦਿਖਾਈ ਹੈ ਅਤੇ ਵਿਧਾਨ ਸਭਾ ਅੰਦਰ ਵੀ ਮੰਗਾਂ ਸਬੰਧੀ ਕੋਈ ਜ਼ਿਕਰ ਨਹੀਂ ਕੀਤਾ ਗਿਆ ਹੈ। ਇਸ ਮੌਕੇ ਸੰਬੋਧਨ ਕਰਦਿਆਂ ਜਸਵੀਰ ਤਲਵਾੜਾ, ਮੁਕੇਸ਼ ਗੁਜਰਾਤੀ, ਬਹਾਦਰ ਸਿੰਘ, ਮਨਜੀਤ ਸੈਣੀ, ਡੀ.ਕੇ. ਮਹਿਤਾ, ਪ੍ਰਿਤਪਾਲ ਸਿੰਘ, ਅੰਜੂ ਸਹਿਗਲ, ਸਤੀਸ਼ ਕੁਮਾਰ, ਓਮ ਸਿੰਘ ਨੇ ਚੇਤਾਵਨੀ ਦਿੱਤੀ ਕਿ ਭਵਿੱਖ ਵਿੱਚ ਆ ਰਹੀਆਂ ਵਿਧਾਨ ਸਭਾ ਚੋਣਾਂ ਮੌਕੇ ਅਜਿਹੇ ਸਿਆਸਦਾਨਾਂ ਨੂੰ ਭਰੇ ਪੰਡਾਲ ਅੰਦਰ ਸਵਾਲ ਪੁੱਛੇ ਜਾਣਗੇ ਅਤੇ ਲੋਕ ਵਿਰੋਧੀ ਚਿਹਰਾ ਨੰਗਾ ਕੀਤਾ ਜਾਵੇਗਾ। ਉਹਨਾਂ ਕਿਹਾ ਕਿ ਆਪਣੇ ਰੋਹ ਦਾ ਪ੍ਰਗਟਾਵਾ ਕਰਨ ਲਈ ਮਿਤੀ 16 ਨਵੰਬਰ ਨੂੰ ਸੰਗਰੂਰ ਵਿਖੇ ਵਿਸ਼ਾਲ ਸੂਬਾ ਪੱਧਰੀ ਰੈਲੀ ਕਰਕੇ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।ਕੱਚੇ ਮੁਲਾਜ਼ਮਾਂ ਨੂੰ ਪੱਕੇ ਕੀਤਾ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਕੇਂਦਰ ਦੇ ਸਕੇਲਾਂ ਦੀ ਥਾਂ ਪੰਜਾਬ ਦੇ ਸਕੇਲ ਲਾਗੂ ਕੀਤੇ ਜਾਣ, ਬੰਦ ਭੱਤੇ ਚਾਲੂ ਕਰਨ, 2.59 ਦਾ ਫਾਰਮੂਲਾ ਲਾਗੂ ਕੀਤਾ ਜਾਵੇ, ਕੈਸ਼ਲੈਸ ਹੈਲਥ ਸਕੀਮ ਲਾਗੂ ਕੀਤੀ ਜਾਵੇ, ਮਾਣ ਭੱਤਾ/ਇੰਨਸੈਨਟਿਵ ਵਰਕਰਾਂ ਤੇ ਘੱਟੋ-ਘੱਟ ਉਜਰਤ ਲਾਗੂ ਕੀਤੀ ਜਾਵੇ। ਆਗੂਆਂ ਨੇ ਐਲਾਨ ਕੀਤਾ ਕਿ ਕੈਬਨਿਟ ਮੰਤਰੀ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਕੀਤੇ ਇਸ ਵਰਤਾਓ ਦਾ ਨਤੀਜ਼ਾ ਚੋਣਾਂ ਦੌਰਾਨ ਭੁਗਣਾ ਪਵੇਗਾ।

# ਸਰਕਾਰਾਂ ਬੇਅਦਬੀਆਂ ਨੂੰ ਰੋਕਣ ਲਈ ਸਖ਼ਤ ਸਜ਼ਾਵਾਂ ਵਾਲਾ ਕਾਨੂੰਨ ਨੂੰ ਅਮਲ ਵਿੱਚ ਲੈ ਕੇ ਆਉਣ - ਦੂੱਲਵਾ



**ਪਟਿਆਲਾ ( ਰਣਜੀਤ ਸਿੰਘ ਪੇਧਨੀ )**-ਬੀਤੇ ਦਿਨੀ ਜੰਮੂ ਦੇ ਸਾਂਬਾ ਜਿਲੇ ਦੇ ਪਿੰਡ ਕੌਲਪੁਰ ਦੇ ਗੁਰਦੁਆਰਾ ਸਾਹਿਬ ਵਿਖੇ ਪੈਟਰੋਲ ਪਾ ਕੇ ਗੁਰੂ ਸਾਹਿਬ ਜੀ ਦੇ 5 ਪਾਵਨ ਸਰੂਪ ਅਗਨ ਭੇਟ ਕਰਨ ਦੀ ਕੀਤੀ ਬੇਅਦਬੀ ਦੇ ਮਾਮਲੇ ਤੋਂ ਬਾਅਦ ਅੱਜ ਕਿਰਕਿਰੀ ਪਿੰਡ ਵਿੱਚ ਵੀ ਗੁੱਟਕਾ ਸਾਹਿਬ ਜੀ ਦੇ ਪਵਿੱਤਰ ਅੰਗਾਂ ਨੂੰ ਪਾੜ ਕੇ ਗਲੀਆਂ ਵਿੱਚ ਖਿਲਾਰਨ ਦੀ ਕੀਤੀ ਬੇਅਦਬੀ ਨਾਲ ਦੇਸਾਂ ਵਿਦੇਸਾਂ ਵਿੱਚ ਵਸਦੇ ਸਿੱਖ ਭਾਈਚਾਰੇ ਦੇ ਦਿਲਾਂ ਨੂੰ ਭਾਰੀ ਠੇਸ ਪੁੱਜੀ ਹੈ । ਇਸ ਤਰ੍ਹਾਂ ਦਿਨ ਬ ਦਿਨ ਹੋ ਰਹੀਆਂ ਬੇਅਦਬੀਆਂ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪੰਜਾਬ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਦੁੱਲਵਾਂ ਨੇ ਕਿਹਾ ਕਿ ਇਸ ਤੋਂ ਪਹਿਲਾ ਵੀ ਬੇਅਦਬੀ ਦੇ ਮਾਮਲੇ ਬੇਰੋਕ ਜਾਰੀ ਹਨ ਜਿਸ ਵਜੋਂ' ਬੇਅਦਬੀਆਂ ਦੇ ਮਾਮਲੇ ਰੋਕਣ ਲਈ ਸਖਤ ਸਜਾਵਾਂ ਅਮਲ ਵਿੱਚ ਲਿਆਂਦੀਆਂ ਜਾਣੀਆਂ ਚਾਹੀਦੀਆਂ ਹਨ ਤੇ ਬੇਅਦਬੀ ਦੀਆਂ ਜਾਰੀ ਘਟਨਾਵਾਂ ਦੇ ਮਨਸੂਬੇ ਵੀ ਜਨਤਕ ਕੀਤੇ ਜਾਣੇ ਚਾਹੀਦੇ ਹਨ । ਉਨਾ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਾਨੂੰ ਜੀਵਨ ਦੀ ਅਗਵਾਈ ਦਿੰਦੇ ਹਨ ਜਿਸ ਲਈ ਸਾਨੂੰ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਤੇ ਮਰਯਾਦਾ ਨੂੰ ਕਾਇਮ ਰੱਖਣਾ ਤੇ ਗੁਰੂ ਘਰਾਂ ਦੀ ਚੇਤੰਨ ਹੋ ਕੇ ਸੇਵਾ ਸੰਭਾਲ ਕਰਨੀ ਜਰੂਰੀ ਹੈ । ਮਨੁੱਖਤਾਂ ਨੂੰ ਸਹੀ ਮਾਰਗ ਦਾ ਰਾਹ ਦਰਸਾਉਣ ਵਾਲੀ ਗੁਰਬਾਣੀ ਦੀ ਬੇਅਦਬੀ ਦੀ ਕੋਸਿਸ ਕਰਨ ਤੇ ਬੇਅਦਬੀ ਕਰਨ ਦੀਆਂ ਘਟਨਾਵਾਂ ਜਾਰੀ ਹਨ ਤੇ ਦੋਸੀਆਂ ਤੋਂ ਸਖਤੀ ਨਾਲ ਪੁੱਛਗਿੱਛ ਕਰਕੇ ਇਸ ਸਾਜਿਸ ਦੇ ਪਿੱਛੇ ਕੰਮ ਕਰਨ ਵਾਲੇ ਮਾਸਟਰ ਮਾਈਂਡ ਨੂੰ ਵੀ ਜਨਤਕ ਕੀਤਾ ਜਾਣਾ ਚਾਹੀਦਾ ਹੈ । ਉਨਾ ਕਿਹਾ ਕਿ ਕਨੂੰਨ ਦੇ ਸਖਤ ਨਿਯਮ ਨਾ ਹੋਣ ਕਾਰਨ ਬੇਅਦਬੀ ਦੀਆਂ ਘਟਨਾਵਾਂ ਆਏ ਦਿਨ ਵਧ ਰਹੀਆਂ ਹਨ ਤੇ ਬੇਅਦਬੀ ਦੀਆਂ ਜਾਰੀ ਘਟਨਾਵਾਂ ਨੂੰ ਰੋਕਣ ਲਈ ਸਖਤ ਸਜਾਵਾਂ ਅਮਲ ਵਿੱਚ ਲਿਆਦੀਆਂ ਜਾਣੀਆਂ ਚਾਹੀਦੀਆਂ ਹਨ ।

## ਸ਼੍ਰੀ ਗੁਰੂ ਸਿੰਘ ਸਭਾ ਸਾਊਥਹਾਲ ਦੇ ਨਵੇਂ ਚੁਣੇ ਗਏ ਕਾਰਜਕਾਰੀ ਮੈਂਬਰਾਂ ਨੂੰ ਹੋਲਡਿੰਗ ਟਰੱਸਟੀ ਵੱਲੋਂ ਹਾਰਦਿਕ ਵਧਾਈ



**ਸਾਊਥਹਾਲ, 11 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੀ ਗੁਰੂ ਸਿੰਘ ਸਭਾ ਸਾਊਥਹਾਲ ਦੇ ਹੋਲਡਿੰਗ ਟਰੱਸਟੀਜ਼ ਵੱਲੋਂ 5 ਅਕਤੂਬਰ 2025 ਨੂੰ ਹੋਈ ਚੋਣਾਂ ਵਿੱਚ ਸੰਗਤ ਦੁਆਰਾ ਚੁਣੇ ਗਏ ਨਵੇਂ ਕਾਰਜਕਾਰੀ ਮੈਂਬਰਾਂ ਨੂੰ ਹਾਰਦਿਕ ਵਧਾਈ ਦਿੱਤੀ ਗਈ ਹੈ। ਹੋਲਡਿੰਗ ਟਰੱਸਟੀਜ਼ ਵੱਲੋਂ ਜਾਰੀ ਪ੍ਰੈਸ ਬਿਆਨ ਵਿੱਚ ਕਿਹਾ ਗਿਆ ਕਿ ਸਾਨੂੰ ਗੁਰੂ ਸਾਹਿਬ ਅੱਗੇ ਅਰਦਾਸ ਹੈ ਕਿ ਉਹ ਨਵੀਂ ਕਾਰਜਕਾਰੀ ਕਮੇਟੀ ਨੂੰ ਬੁੱਧੀ, ਏਕਤਾ ਅਤੇ ਤਾਕਤ ਬਖ਼ਸ਼ਣ ਤਾਂ ਜੋ ਉਹ ਸੰਗਤ ਦੀ ਸੇਵਾ ਨੂੰ ਨਿਭਾਉਣ ਵਿੱਚ ਪੂਰੀ ਤਰ੍ਹਾਂ ਸਫਲ ਹੋਣ। ਟਰੱਸਟੀਜ਼ ਨੇ ਪਿਛਲੀ ਕਾਰਜਕਾਰੀ ਕਮੇਟੀ ਦੇ ਤਿੰਨ ਸਾਲਾਂ ਦੇ ਸਮਰਪਿਤ ਸੇਵਾ-ਕਾਲ ਦੀ ਪ੍ਰਸ਼ੰਸਾ ਕਰਦਿਆਂ ਉਨ੍ਹਾਂ ਦੀ ਨਿਸ਼ਕਾਮ ਸੇਵਾ ਅਤੇ ਭਗਤੀ ਭਾਵਨਾ ਲਈ ਧੰਨਵਾਦ ਪ੍ਰਗਟਾਇਆ। ਬਿਆਨ ਅਨੁਸਾਰ, ਨਵੀਂ ਚੁਣੀ ਗਈ ਕਾਰਜਕਾਰੀ ਕਮੇਟੀ 13 ਅਕਤੂਬਰ 2025 ਨੂੰ ਸਵੇਰੇ 11:00 ਵਜੇ ਹੋਣ ਵਾਲੇ ਆਧਿਕਾਰਿਕ ਹੈਂਡਓਵਰ ਸਮਾਗਮ ਦੌਰਾਨ ਆਪਣੀ ਜ਼ਿੰਮੇਵਾਰੀ ਸੰਭਾਲੇਗੀ।

ਹੋਲਡਿੰਗ ਟਰੱਸਟੀਜ਼ ਨੇ ਕਿਹਾ -"ਅਸੀਂ ਸ਼੍ਰੀ ਗੁਰੂ ਸਿੰਘ ਸਭਾ ਦੇ ਸੰਵਿਧਾਨਕ ਫ਼ਰਜਾਂ ਅਨੁਸਾਰ ਸੇਵਾ ਕਰਨ ਲਈ ਵਚਨਬੱਧ ਹਾਂ। ਅਸੀਂ ਨਵੀਂ ਕਾਰਜਕਾਰੀ ਕਮੇਟੀ ਨਾਲ ਮਿਲਜੁਲ ਕੇ ਸਭਾ ਦੀ ਭਲਾਈ ਲਈ ਕੰਮ ਕਰਨ ਦੀ ਉਮੀਦ ਕਰਦੇ ਹਾਂ। ਅਸੀਂ ਦੋਹਾਂ ਕਮੇਟੀਆਂ ਵਿਚਕਾਰ ਸੁਚਾਰੂ ਅਤੇ ਪਾਰਦਰਸ਼ੀ ਹਵਾਲਾ ਪ੍ਰਕਿਰਿਆ ਯਕੀਨੀ ਬਣਾਵਾਂਗੇ।" ਟਰੱਸਟੀਜ਼ ਨੇ ਇਹ ਵੀ ਜ਼ੋਰ ਦਿੱਤਾ ਕਿ ਸੰਗਤ ਦੀ ਭਲਾਈ ਲਈ ਏਕਤਾ, ਪਾਰਦਰਸ਼ਤਾ ਅਤੇ ਸਾਂਝੇ ਸਹਿਯੋਗ ਦੀ ਭੂਮਿਕਾ ਬਹੁਤ ਅਹਿਮ ਹੈ ਅਤੇ ਸਭਾ ਦਾ ਮਕਸਦ ਗੁਰਮੱਤ ਅਸੂਲਾਂ 'ਤੇ ਚੱਲਦਿਆਂ ਸੰਗਤ ਦੀ ਸੇਵਾ ਕਰਨਾ ਹੈ।

ਸ਼੍ਰੀ ਗੁਰੂ ਸਿੰਘ ਸਭਾ ਸਾਊਥਹਾਲ ਦੇ ਹੋਲਡਿੰਗ ਟਰੱਸਟੀਜ਼ : ਚੇਅਰਮੈਨ: ਸੁਰਜੀਤ ਸਿੰਘ ਜੋਹਲ ਜਨਰਲ ਸਕੱਤਰ: ਮਨਜੀਤ ਸਿੰਘ ਬੁੱਟਰ ਹੋਲਡਿੰਗ ਟਰੱਸਟੀਜ਼: ਸ੍ਰੀ ਗੁਰਦੇਵ ਸਿੰਘ ਬਰਾੜ ਸ੍ਰੀ ਅਮਰਜੀਤ ਸਿੰਘ ਦੱਸਾਂ ਸ੍ਰੀ ਗੁਰਪ੍ਰਤਾਪ ਸਿੰਘ ਢਿੱਲੋਂ ਸ੍ਰੀ ਅਮਰਦੀਪ ਸਿੰਘ ਦੋਸਾਂਝ ਸ੍ਰੀ ਮਲਕੀਤ ਸਿੰਘ ਗਰੇਵਾਲ ਸ੍ਰੀ ਅਰਮਿੰਦਰ ਸਿੰਘ ਖੰਗੂੜਾ ਪ੍ਰੋਫੈਸਰ ਜਸਪਾਲ ਸਿੰਘ ਕੁਨਰ ਸ੍ਰੀ ਦਿਦਾਰ ਸਿੰਘ ਰੰਧਾਵਾ ਸ੍ਰੀ ਮਨਦੀਪ ਸਿੰਘ ਠਿੰਡ ਸ੍ਰੀ ਪਰਸ਼ੋਤਮ ਸਿੰਘ ਸੋਹੀ। "ਗੁਰੂ ਸਾਹਿਬ ਦੀ ਕਿਰਪਾ ਨਾਲ ਨਵੀਂ ਕਮੇਟੀ ਏਕਤਾ, ਪਾਰਦਰਸ਼ਤਾ ਅਤੇ ਸੇਵਾ ਦੇ ਰਾਹ ਤੇ ਤੁਰੇ — ਇਹੀ ਸਾਡੀ ਅਰਦਾਸ ਹੈ।"





## ਜਨਮ ਦਿਨ ਮੁਬਾਰਕ

ਗੁਰਸਿਮਰਨ ਕੌਰ (ਸਿੰਮੂ)
ਮਾਤਾ ਕੁਲਵਿੰਦਰ ਕੌਰ
ਪਿਤਾ ਮਨਪ੍ਰੀਤ ਸਿੰਘ
(ਜਗਰਾਓਂ)
ਆਦਾਰਿ ਆਵਾਜਿ ਕੌਮ ਵੱਲੋਂ ਜਨਮ ਦਿਨ ਦੀਆਂ ਲੱਖ ਲੱਖ ਮੁਬਾਰਕਾਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


AWAZE QAUM TOUR & TRAVEL (YATRA SINCE 2000)
ਆਵਾਜ਼ਿ ਕੌਮ AWAZE QAUM International Newspaper & WEB TV
YATRA NANKANA SAHIB
WE WILL ALSO BE VISITING 25+ GURDWARA'S AND HISTORICAL PLACES
30 OCT TO 8 NOV, 2025
YATRA INCLUDES:
• GURDWARA NANKANA SAHIB
• GURDWARA PATTI SAHIB
• GURDWARA TAMBU SAHIB
• GURDWARA KIARA SAHIB
• GURDWARA MALJI SAHIB
• GURDWARA BAL LILA SAHIB
• GURDWARA SACHA SAUDA
• GURDWARA RORI SAHIB
• GURDWARA PANJA SAHIB
• GURDWARA BEBE DI BER SIALKOT
• GURDWARA DERA SAHIB
• JANAM ASTHAN BEBE NANKI JI
• BHAI LALU JI DA GHAR
• JANAM ASTHAN GURU RAMDAS JI
• GURDWARA SHRI KARTARPUR SAHIB
• GURDWARA SHAHEED GANJ LAHORE
• MATA SAHIB KAUR JI JANAM ASTHAN
• DARBAR SAI MIAN MIR JI
• SHAHI QILA (SIKH FORT)
RAGHBIR SINGH
+44
7976 210 161
PACKAGE INCLUDES:
PAKISTAN VISA• HOTEL(TWIN SHARE)•
LUXURY TRANSPORT• VEG. FOOD •
MINERAL WATER AND MUCH MORE
CANADA SANGAT: +1 647.231.1600 – USA SANGAT: +1 716.342.6007